SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.Switchinsurance.ca



ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post




JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



To view our online newspaper visit **punjabipost.ca/epaper** | Vol 22* Issue 210 | Friday, November 17, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ


## ਲਿਬਰਲਾਂ ਨਾਲੋਂ ਕੰਜ਼ਰਵੇਟਿਵਾਂ ਦੀ ਸਥਿਤੀ ਹੋਈ ਹੋਰ ਵੀ ਮਜ਼ਬੂਤ : ਨੈਨੋਜ਼



ਓਟਵਾ, 16 ਨਵੰਬਰ (ਪੋਸਟ ਬਿਊਰੋ) : ਨਵੇਂ ਸਰਵੇਖਣਾਂ ਤੋਂ ਸਾਹਮਣੇ ਆਇਆ ਹੈ ਕਿ ਇਸ ਸਮੇਂ ਕਲਾਈਮੇਟ ਚੇਂਜ, ਕੌਸਟ ਆਫ ਲਿਵਿੰਗ ਤੇ ਕੈਨੇਡੀਅਨ ਕਮਿਊਨਿਟੀਜ਼ ਦੀ ਸਕਿਊਰਿਟੀ ਦੇ ਮੁੱਦੇ ਲੋਕਾਂ ਦੇ ਜ਼ਹਿਨ ਵਿੱਚ ਛਾਏ ਹੋਏ ਹਨ ਤੇ ਇਨ੍ਹਾਂ ਮਾਮਲਿਆਂ ਵਿੱਚ ਲਿਬਰਲ ਪਾਰਟੀ ਕਾਫੀ ਕਮਜ਼ੋਰ ਪੈ ਚੁੱਕੀ ਹੈ ਜਦਕਿ ਕੰਜ਼ਰਵੇਟਿਵਾਂ ਦਾ ਪੱਲੜਾ ਭਾਰੀ ਪੈ ਰਿਹਾ ਹੈ। ਲਿਬਰਲਾਂ ਲਈ ਹਾਲਾਤ ਇੱਥੋਂ ਤੱਕ ਨਿੱਘਰ ਚੁੱਕੇ ਹਨ ਕਿ ਜਗਮੀਤ ਸਿੰਘ ਦੀ ਅਗਵਾਈ ਵਾਲੀ ਐਨਡੀਪੀ ਵੀ ਲਿਬਰਲਾਂ ਤੋਂ ਅੱਗੇ ਚੱਲ ਰਹੀ ਹੈ।

ਨੈਨੋਜ਼ ਵੱਲੋਂ ਕਰਵਾਏ ਗਏ ਨਵੇਂ ਸਰਵੇਖਣਾਂ ਤੋਂ ਸਾਹਮਣੇ ਆਇਆ ਹੈ ਕਿ ਕੰਜ਼ਰਵੇਟਿਵਾਂ ਦੀ ਸਥਿਤੀ ਲਿਬਰਲਾਂ ਦੇ ਮੁਕਾਬਲੇ ਕਾਫੀ ਮਜ਼ਬੂਤ ਹੋ ਚੁੱਕੀ ਹੈ। ਨੈਨੋਜ਼ ਮੁਤਾ-ਬਕ ਇਸ ਨਕਾਰਾਤਮਕ ਲਹਿਰ ਨੂੰ ਪਲਟਾਉਣਾ ਲਿਬਰਲਾਂ ਲਈ ਔਖਾ ਹੋਵੇਗਾ। ਨਵੇਂ ਸਰਵੇਖਣ ਤੋਂ ਸਾਹ-ਮਣੇ ਆਇਆ ਹੈ ਕਿ 48 ਫੀ ਸਦੀ ਕੈਨੇਡੀਅਨ ਇੱਕ ਸਾਲ ਪਹਿਲਾਂ ਨਾਲੋਂ ਖੁਦ ਨੂੰ ਫਾਇਨਾਂਸ਼ੀਅਲ ਪੱਖੋਂ ਬਹੁਤ ਕਮਜ਼ੋਰ ਮੰਨ ਰਹੇ ਹਨ, 10 ਵਿੱਚੋਂ 7 ਕੈਨੇਡੀਅਨਜ਼ ਦਾ ਮੰਨਣਾ ਹੈ ਕਿ ਜਦੋਂ ਤੋਂ ਇਜ਼ਰਾਈਲ-ਹਮਸ ਜੰਗ ਸ਼ੁਰੂ ਹੋਈ ਹੈ ਉਦੋਂ ਤੋਂ ਹੇਟ ਕ੍ਰਾਈਮ ਨਾਲ ਜੁੜੀਆਂ ਘਟਨਾਵਾਂ ਵਿੱਚ ਵਾਧਾ ਹੋਇਆ ਹੈ।

ਨਵੇਂ ਸਰਵੇਖਣ ਵਿੱਚ ਕੰਜ਼ਰਵੇਟਿਵ 40·3 ਫੀ ਸਦੀ ਸਮਰਥਨ ਨਾਲ ਸੱਭ ਤੋਂ ਅੱਗੇ ਚੱਲ ਰਹੇ ਹਨ, ਲਿਬਰਲ 22·4 ਫੀ ਸਦੀ ਨਾਲ ਦੂਜੇ ਸਥਾਨ ਉੱਤੇ ਹਨ ਤੇ ਐਨਡੀਪੀ ਲਿਬਰਲਾਂ ਤੋਂ ਮਾਮੂਲੀ ਫਰਕ 20·3 ਫੀ ਸਦੀ ਨਾਲ ਤੀਜੇ ਸਥਾਨ ਉੱਤੇ ਹੈ, ਗ੍ਰੀਨਜ਼ ਨੂੰ 7·2 ਫੀ ਸਦੀ ਸਮਰਥਨ ਮਿਲ ਰਿਹਾ ਹੈ, ਬਲਾਕ ਕਿਊਬਿਕੁਆ ਨੂੰ 6·7 ਫੀ ਸਦੀ ਸਮਰਥਨ ਹਾਸਲ ਹੋ ਰਿਹਾ ਹੈ ਤੇ ਪੀਪਲਜ਼ ਪਾਰਟੀ 2·1 ਫੀ ਸਦੀ ਸਮਰਥਨ ਹੀ ਹਾਸਲ ਕਰ ਪਾ ਰਹੀ ਹੈ।

## ਸ਼ਹਿਰੀ ਤੇ ਰੀਜਨਲ ਸਰਹੱਦਾਂ ਦੇ ਪਸਾਰ ਦੇ ਫੈਸਲੇ ਨੂੰ ਪਲਟਾਉਣ ਲਈ ਕਲੈਂਡਰਾ ਨੇ ਪੇਸ਼ ਕੀਤਾ ਬਿਲ

ਓਨਟਾਰੀਓ, 16 ਨਵੰਬਰ (ਪੋਸਟ ਬਿਊਰੋ) : ਓਨਟਾਰੀਓ ਦੇ ਹਾਊਸਿੰਗ ਮੰਤਰੀ ਪਾਲ ਕਲੈਂਡਰਾ ਵੱਲੋਂ ਇੱਕ ਬਿੱਲ ਪੇਸ਼ ਕੀਤਾ ਗਿਆ ਹੈ ਜਿਸ ਤਹਿਤ ਸ਼ਹਿਰੀ ਤੇ ਰੀਜਨਲ ਸਰਹੱਦਾ ਦੇ ਪਸਾਰ ਦੇ ਰੁਝਾਨ ਨੂੰ ਪਲਟਾਇਆ ਜਾਵੇਗਾ।



ਕਲੈਂਡਰਾ ਨੇ ਆਖਿਆ ਕਿ ਪਿਛਲੇ ਹਾਊਸਿੰਗ ਮੰਤਰੀ ਦਾ ਸਟਾਫ ਇਸ ਪਸਾਰ ਦੇ ਮੁੱਦੇ ਵਿੱਚ ਖੁੱਭਿਆ ਪਿਆ ਸੀ। ਇਸ ਪਸਾਰ ਦੇ ਮੁੱਦੇ ਨੂੰ 2022 ਦੇ ਅੰਤ ਤੇ ਇਸ ਸਾਲ ਦੇ ਸ਼ੁਰੂ ਵਿੱਚ ਪੇਸ਼ ਕੀਤਾ ਗਿਆ ਸੀ। ਪ੍ਰੋਵਿੰਸ ਵੱਲੋਂ ਬੈਰੀ, ਬੈਲੇਵਿੱਲ, ਗੁਐਲਫ, ਹੈਮਿਲਟਨ, ਓਟਵਾ ਤੇ ਪੀਟਰਬਰੋ ਲਈ ਸਰਕਾਰੀ ਯੋਜਨਾਵਾਂ ਤੱਕ ਵਿੱਚ ਤਬਦੀਲੀਆਂ ਕਰ ਦਿੱਤੀਆਂ ਸਨ ਤੇ ਇਸ ਦੇ ਨਾਲ ਹੀ ਰੀਜਨਲ ਮਿਊਂਸਪੈਲਿਟੀਜ਼ ਜਿਵੇਂ ਕਿ ਹਾਲਟਨ, ਨਾਇਗਰਾ, ਪੀਲ, ਵਾਟਰਲੂ ਤੇ ਯੌਰਕ ਤੇ ਵੈਲਿੰਗਟਨ ਕਾਊਂਟੀ ਵਿੱਚ ਵੀ ਤਬਦੀਲੀਆਂ ਕੀਤੀਆਂ ਗਈਆਂ ਸਨ।

ਸਰਕਾਰ ਅਗਲੇ 10 ਸਾਲਾਂ ਦੇ ਅਰਸੇ ਵਿੱਚ 1·5 ਮਿਲੀਅਨ ਘਰਾਂ ਦੇ ਨਿਰਮਾਣ ਲਈ ਗ੍ਰੀਨਬੈਲਟ ਤੋਂ ਜ਼ਮੀਨ ਲੈ ਕੇ ਉਸ ਉੱਤੇ ਨਿਰਮਾਣ ਦਾ ਕੰਮ ਕਰਨਾ ਚਾਹੁੰਦੀ ਸੀ। ਦੋ ਲੈਜਿਸਲੇਟਿਵ ਵਾਚਡੌਗਜ਼ ਨੇ ਗ੍ਰੀਨਬੈਲਟ ਤੋਂ ਜ਼ਮੀਨ ਲੈਣ ਦੀ ਪ੍ਰਕਿਰਿਆ ਵਿੱਚ ਖਾਮੀਆਂ ਪਾਈਆਂ ਤੇ ਇਹ ਵੀ ਪਾਇਆ ਕਿ ਇਸ ਦੌਰਾਨ ਕੁੱਝ ਡਿਵੈਲਪਰਜ਼ ਦਾ ਪੱਖ ਪੂਰਿਆ ਗਿਆ ਹੈ। ਜਨਤਾ ਵੱਲੋਂ ਰੌਲਾ ਪਾਏ ਜਾਣ ਤੋਂ ਬਾਅਦ ਪ੍ਰੀਮੀਅਰ ਡੱਗ ਫੋਰਡ ਨੇ ਗ੍ਰੀਨਬੈਲਟ ਤੋਂ ਜ਼ਮੀਨ ਲੈ ਕੇ ਘਰ ਬਣਾਉਣ ਦਾ ਵਿਚਾਰ ਤਿਆਗ ਦਿੱਤਾ। ਮਾਮਲਾ ਐਨਾ ਗਰਮਾਇਆ ਕਿ ਤਤਕਾਲੀ ਹਾਊਸਿੰਗ ਮੰਤਰੀ ਤੇ ਇੱਕ ਹੋਰ ਕੈਬਨਿਟ ਮੰਤਰੀ ਨੂੰ ਅਸਤੀਫਾ ਦੇਣਾ ਪਿਆ। ਆਰਸੀਐਮਪੀ ਵੱਲੋਂ ਵੀ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਕਲੈਂਡਰਾ ਨੇ ਪਿਛਲੇ ਮਹੀਨੇ ਐਲਾਨ ਕੀਤਾ ਸੀ ਕਿ ਹੁਣ ਪ੍ਰੋਵਿੰਸ ਘਰਾਂ ਦੇ ਨਿਰਮਾਣ ਲਈ ਰੀਜਨਜ਼ ਤੇ ਮਿਊਂਸਪੈਲਿਟੀਜ਼ ਦੀ ਜ਼ਮੀਨ ਦਾ ਪਸਾਰ ਨਹੀਂ ਕਰੇਗੀ। ਕਲੈਂਡਰਾ ਨੇ ਆਖਿਆ ਕਿ ਨਵੇਂ ਘਰਾਂ ਦੇ ਨਿਰਮਾਣ ਲਈ ਉਨ੍ਹਾਂ ਵੱਲੋਂ ਨਵੇਂ ਆਈਡਿਆਜ਼ ਦਾ ਸਵਾਗਤ ਕੀਤਾ ਜਾਵੇਗਾ।

## ਇੰਡਸਟਰੀਅਲ ਪਲਾਜ਼ਾ ਵਿੱਚ ਚੱਲੀ ਗੋਲੀ, ਇੱਕ ਹਲਾਕ




ਮਿਸੀਸਾਗਾ, 16 ਨਵੰਬਰ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਇੰਡਸਟਰੀਅਲ ਪਲਾਜ਼ਾ ਵਿੱਚ ਦੇਰ ਰਾਤ ਚੱਲੀ ਗੋਲੀ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ।

ਬੁੱਧਵਾਰ ਨੂੰ ਅੱਧੀ ਰਾਤ ਤੋਂ ਪਹਿਲਾਂ ਵਿੰਸਟਨ ਚਰਚਿਲ ਬੁਲੇਵਾਰਡ ਦੇ ਪੱਛਮ ਵਿੱਚ ਰੌਇਲ ਵਿੰਡਸਰ ਡਰਾਈਵ ਉੱਤੇ ਇੱਕ ਸਟ੍ਰਿੱਪ ਮਾਲ ਵਿੱਚ ਐਮਰਜੰਸੀ ਅਮਲੇ ਨੂੰ ਸੱਦਿਆ ਗਿਆ। ਪੈਰਾਮੈਡਿਕਸ ਨੇ ਦੱਸਿਆ ਕਿ ਇੱਕ ਵਿਅਕਤੀ ਨੂੰ ਬਿਨਾਂ ਸਾਹ-ਸਤ ਦੇ ਪਾਇਆ ਗਿਆ ਤੇ ਉਸ ਨੂੰ ਹਸਪਤਾਲ ਲਿਜਾਇਆ ਗਿਆ। ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਪੁਲਿਸ ਦਾ ਮੰਨਣਾ ਹੈ ਕਿ ਇਹ ਸ਼ੂਟਿੰਗ ਸੋਚਸਮਝ ਕੇ ਕੀਤੀ ਗਈ। ਮਾਮਲੇ ਦੀ ਜਾਂਚ ਹੋਮੀਸਾਈਡ ਯੂਨਿਟ ਵੱਲੋਂ ਆਪਣੇ ਹੱਥ ਲੈ ਲਈ ਗਈ ਹੈ।

## ਕੈਬਨਿਟ ਵੱਲੋਂ ਪਲਾਸਟਿਕ ਬੈਨ ਕਰਨ ਦੇ ਹੁਕਮਾਂ ਨੂੰ ਫੈਡਰਲ ਕੋਰਟ ਨੇ ਕੀਤਾ ਖਾਰਿਜ



ਓਟਵਾ, 16 ਨਵੰਬਰ (ਪੋਸਟ ਬਿਊਰੋ) : ਕੈਨੇਡੀਅਨ ਐਨਵਾਇਰਮੈਂਟ ਪ੍ਰੋਟੈਕਸ਼ਨ ਐਕਟ ਤਹਿਤ ਪਲਾਸਟਿਕ ਤੋਂ ਤਿਆਰ ਚੀਜ਼ਾਂ ਨੂੰ ਨੁਕਸਾਨਦੇਹ ਦੱਸਣ ਵਾਲੇ ਕੈਬਨਿਟ ਦੇ ਹੁਕਮਾਂ ਨੂੰ ਫੈਡਰਲ ਅਦਾਲਤ ਵੱਲੋਂ ਖਾਰਿਜ ਕਰ ਦਿੱਤਾ ਗਿਆ ਹੈ।

ਸਰਕਾਰ ਵੱਲੋਂ ਬੈਨ ਕੀਤੀਆਂ ਗਈਆਂ ਸਿੰਗਲ ਯੂਜ਼ ਵਾਲੀਆਂ ਪਲਾਸਟਿਕ ਦੀਆਂ ਆਈਟਮਾਂ ਜਿਨ੍ਹਾਂ ਵਿੱਚ ਸਟਰਾਅਜ਼, ਗਰੌਸਰੀ ਬੈਗਜ਼ ਤੇ ਟੇਕਆਊਟ ਕੰਟੇਨਰਜ਼ ਵੀ ਸ਼ਾਮਲ ਹਨ, ਉੱਤੇ ਇਸ ਫੈਸਲੇ ਦਾ ਅਸਰ ਪਵੇਗਾ। ਸਰਕਾਰ ਐਨਵਾਇਰਮੈਂਟ ਪ੍ਰੋਟੈਕਸ਼ਨ ਤਹਿਤ ਸਿਰਫ ਉਨ੍ਹਾਂ ਚੀਜ਼ਾਂ ਨੂੰ ਹੀ ਰੈਗੂਲੇਟ ਕਰ ਸਕਦੀ ਹੈ ਜਿਨ੍ਹਾਂ ਨੂੰ ਐਕਟ ਤਹਿਤ ਨੁਕਸਾਨਦੇਹ ਮੰਨਿਆ ਜਾਂਦਾ ਹੈ।

ਇਹ ਮਾਮਲਾ ਰਿਸਪਾਂਸੀਬਲ ਪਲਾ-ਸਟਿਕ ਯੂਜ਼ ਕੋਲੀਸ਼ਨ ਤੇ ਕਈ ਕੈਮੀਕਲ ਕੰਪਨੀਆਂ ਵੱਲੋਂ ਉਠਾਇਆ ਗਿਆ ਜਿਹੜੀਆਂ ਪਲਾਸਟਿਕ ਦਾ ਨਿਰਮਾਣ ਕਰਦੀਆਂ ਹਨ।

## ਚੋਰੀ ਦੀ ਗੱਡੀ ਵਿੱਚੋਂ ਭਰੀ ਹੋਈ ਹੈਂਡਗੰਨ ਬਰਾਮਦ, ਚਾਰ ਨੂੰ ਕੀਤਾ ਗਿਆ ਚਾਰਜ

ਮਿਸੀਸਾਗਾ, 16 ਨਵੰਬਰ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਕਥਿਤ ਤੌਰ ਉੱਤੇ ਚੋਰੀ ਦੀ ਗੱਡੀ ਵਿੱਚੋਂ ਭਰੀ ਹੋਈ ਹੈਂਡਗੰਨ ਬਰਾਮਦ ਹੋਣ ਤੋਂ ਬਾਅਦ ਪੁਲਿਸ ਵੱਲੋਂ ਚਾਰ ਵਿਅਕਤੀਆਂ ਨੂੰ ਚਾਰਜ ਕੀਤਾ ਗਿਆ ਹੈ।



ਸੋਮਵਾਰ 13 ਨਵੰਬਰ ਨੂੰ ਪੀਲ ਰੀਜਨਲ ਪੁਲਿਸ ਅਧਿਕਾਰੀ ਸਵੇਰੇ 7:30 ਵਜੇ ਤੋਂ ਬਾਅਦ ਐਰਿਨ ਮਿੱਲਜ਼ ਪਾਰਕਵੇਅ ਤੇ ਨੌਰਥ ਸ਼ੈਰੀਡਨ ਵੇਅ ਉੱਤੇ ਮੌਜੂਦ ਸਨ। ਇਸ ਇਲਾਕੇ ਵਿੱਚ ਸਥਿਤ ਇੱਕ ਘਰ ਵਿੱਚ ਪੁਲਿਸ ਅਧਿਕਾਰੀਆਂ ਨੇ ਸਰਚ ਵਾਰੰਟ ਰਾਹੀਂ ਤਲਾਸ਼ੀ ਲਈ ਤੇ ਇੱਥੋਂ ਉਨ੍ਹਾਂ ਨੂੰ 45 ਕੈਲੀਬਰ ਦੀ ਗੈਰਕਾਨੂੰਨੀ ਸੈਮੀ ਆਟੋਮੈਟਿਕ ਹੈਂਡਗੰਨ ਤੇ ਗੋਲੀ ਸਿੱਕਾ ਬਰਾਮਦ ਹੋਇਆ। ਚਾਰ ਵਿਅਕਤੀਆਂ ਨੂੰ ਮੌਕੇ ਤੋਂ ਗ੍ਰਿਫਤਾਰ ਕਰ ਲਿਆ ਗਿਆ। ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ।

ਜਿਨ੍ਹਾਂ ਵਿਅਕਤੀਆਂ ਨੂੰ ਚਾਰਜ ਕੀਤਾ ਗਿਆ ਹੈ ਉਨ੍ਹਾਂ ਵਿੱਚ ਸੂਫੀਅਨ ਨਕਵੀ, ਗੁਲਡ ਅਬਦੁੱਲਾਹੀ, ਐਦਰਿਸ ਮੋਆਲਿਨ ਤੇ ਵਾਹੀਬ ਅਹਿਮਦ ਸ਼ਾਮਲ ਹਨ। ਇਹ ਸਾਰੇ 22 ਸਾਲਾਂ ਦੇ ਤੇ ਮਿਸੀਸਾਗਾ ਤੋ ਹੀ ਹਨ।

## ਚੀਨ 'ਚ ਕੋਲਾ ਕੰਪਨੀ ਦੇ ਦਫਤਰ 'ਚ ਲੱਗੀ ਭਿਆਨਕ ਅੱਗ, 26 ਲੋਕਾਂ ਦੀ ਮੌਤ



ਬੀਜਿੰਗ, 16 ਨਵੰਬਰ (ਪੋਸਟ ਬਿਊਰੋ): ਚੀਨ ਦੇ ਸ਼ਾਂਕਸੀ ਸੂਬੇ 'ਚ ਵੀਰਵਾਰ ਸਵੇਰੇ ਕੋਲਾ ਮਾਈਨਿੰਗ ਕੰਪਨੀ ਦੇ ਦਫਤਰ 'ਚ ਭਿਆਨਕ ਅੱਗ ਲੱਗਣ ਕਾਰਨ 26 ਲੋਕਾਂ ਦੀ ਮੌਤ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਅੱਗ 'ਚ 60 ਲੋਕ ਜ਼ਖਮੀ ਵੀ ਹੋਏ ਹਨ। ਪੁਲਸ ਮੁਤਾਬਕ ਲੁਲਿਯਾਂਗ ਸ਼ਹਿਰ ਦੇ ਲਿਸ਼ੀ ਜ਼ਿਲੇ 'ਚ ਸਥਿਤ ਇਸ ਪੰਜ ਮੰਜ਼ਿਲਾ ਇਮਾਰਤ 'ਚ ਸਵੇਰੇ 6:50 ਵਜੇ ਲੱਗੀ ਅੱਗ ਦੂਜੀ ਮੰਜ਼ਿਲ ਤੱਕ ਪਹੁੰਚ ਗਈ। ਅੱਗ ਬੁਝਾਉਣ ਲਈ ਫਾਇਰ ਕਰਮੀਆਂ ਨੂੰ ਕਾਫੀ ਮਿਹਨਤ ਕਰਨੀ ਪਈ। ਹਾਲਾਂਕਿ, ਇਸ ਨੂੰ ਕੰਟਰੋਲ ਕਰ ਲਿਆ ਗਿਆ ਸੀ।


NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

Allstate. You're in good hands.
Insurance
Shawn Bakiwal
Allstate Sales Agent
Waterdown Agency
289-678-4024

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
•CPAP machines, masks and supplies
•Free consultations
•30 day mask exchange
•Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
RANJIT GILL
Insurance Advisor
Ph: 416.724.5000
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
7003 Steeles Ave. W, Unit 10, Etobicoke, ON, M9W 0A2
gill@punjabinsurance.ca

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

INSURANCE
○Home ○Auto
○Business ○Trucking
○Life Insurance ○Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types / Walkie pallet Low Lift / Electric Motor Narrow Aisle Reach / Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
Low Rates/Excellent
100% Success rate for bed bug Treatment Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਜ਼ਿੰਬਾਬਵੇ 'ਚ ਭਿਆਨਕ ਸੜਕ ਹਾਦਸਾ, ਟੈਕਸੀ ਅਤੇ ਟਰੱਕ ਦੀ ਟੱਕਰ 'ਚ 22 ਲੋਕਾਂ ਦੀ ਮੌਤ




ਹਰਾਰੇ, 16 ਨਵੰਬਰ (ਪੋਸਟ ਬਿਊਰੋ): ਜ਼ਿੰਬਾਬਵੇ 'ਚ ਇਕ ਭਿਆਨਕ ਸੜਕ ਹਾਦਸੇ ਦੀ ਖਬਰ ਹੈ। ਜਾਣਕਾਰੀ ਮੁਤਾਬਕ ਇਸ ਹਾਦਸੇ 'ਚ 22 ਲੋਕਾਂ ਦੀ ਦਰਦ-ਨਾਕ ਮੌਤ ਹੋ ਗਈ ਹੈ। ਇਹ ਭਿਆਨਕ ਹਾਦਸਾ ਇੱਕ ਟੈਕਸੀ ਅਤੇ ਟਰੱਕ ਦੀ ਆਹਮੋ-ਸਾਹਮਣੀ ਟੱਕਰ ਵਿੱਚ ਵਾਪਰਿਆ। ਇਸ ਹਾਦਸੇ 'ਚ ਵੱਡੀ ਗਿਣਤੀ 'ਚ ਲੋਕ ਜ਼ਖਮੀ ਹੋਏ ਹਨ, ਜਿਨ੍ਹਾਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਦੱਖਣੀ-ਪੱਛਮੀ ਜ਼ਿੰਬਾਬਵੇ ਵਿੱਚ ਇੱਕ ਮਿੰਨੀ ਬੱਸ ਟੈਕਸੀ ਦੀ ਇੱਕ ਟਰੱਕ ਨਾਲ ਟੱਕਰ ਹੋ ਗਈ, ਜਿਸ ਵਿੱਚ 22 ਲੋਕਾਂ ਦੀ ਮੌਤ ਹੋ ਗਈ। ਪੁਲਸ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ।

ਪੁਲਸ ਬੁਲਾਰੇ ਪਾਲ ਨਿਆਥੀ ਨੇ ਦੱਸਿਆ ਕਿ ਮੰਗਲਵਾਰ ਰਾਤ ਨੂੰ ਹੋਏ ਇਸ ਹਾਦਸੇ 'ਚ ਜ਼ਖਮੀ ਹੋਏ ਦੋ ਲੋਕਾਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਨਿਆਥੀ ਨੇ ਇਕ ਬਿਆਨ ਵਿਚ ਕਿਹਾ ਕਿ ਇਹ ਹਾਦਸਾ ਦੇਸ਼ ਦੇ ਦੂਜੇ ਸਭ ਤੋਂ ਵੱਡੇ ਸ਼ਹਿਰ ਬੁਲਾਵਯੋ ਨੂੰ ਗੁਆਂਢੀ ਦੱਖਣੀ ਅਫਰੀਕਾ ਦੀ ਸਰਹੱਦ ਨਾਲ ਲੱਗਦੇ ਸ਼ਹਿਰ ਬੀਟਬ੍ਰਿਜ ਨਾਲ ਜੋੜਨ ਵਾਲੇ ਹਾਈਵੇਅ 'ਤੇ ਵਾਪਰਿਆ। ਲਗਭਗ 15 ਮਿਲੀਅਨ ਦੀ ਆਬਾਦੀ ਵਾਲੇ ਦੇਸ਼ ਜ਼ਿੰਬਾਬਵੇ ਦੀ ਆਰਥਿਕਤਾ ਸਾਲਾਂ ਤੋਂ ਮੁਦਰਾ ਸੰਕਟ ਅਤੇ ਉੱਚ ਮਹਿੰਗਾਈ ਤੋਂ ਪ੍ਰਭਾਵਿਤ ਹੈ।

ਅਜਿਹੀ ਸਥਿਤੀ ਵਿੱਚ, ਇੱਥੇ ਬਹੁਤ ਸਾਰੇ ਲੋਕ ਸਾਮਾਨ ਵੇਚਣ ਲਈ ਜਾਂ ਨਿੱਜੀ ਵਰਤੋਂ ਲਈ ਸਾਮਾਨ ਖਰੀਦਣ ਲਈ ਦੱਖਣੀ ਅਫਰੀਕਾ ਦੀ ਯਾਤਰਾ ਕਰਦੇ ਰਹਿੰਦੇ ਹਨ। ਕਈ ਲੋਕ ਪਰਿਵਾਰ ਨੂੰ ਮਿਲਣ ਜਾਂ ਕੰਮ ਲਈ ਆਉਂਦੇ-ਜਾਂਦੇ ਰਹਿੰਦੇ ਹਨ। ਜ਼ਿੰਬਾਬਵੇ ਵਿੱਚ ਸੜਕ ਹਾਦਸੇ ਆਮ ਹੁੰਦੇ ਜਾ ਰਹੇ ਹਨ।

# 'ਭਾਰਤ ਇੱਕ ਮਹਾਨ ਦੇਸ਼ ਹੈ, ਭਾਰਤ ਇਜ਼ਰਾਈਲ ਦੀ ਸ਼ਾਂਤੀ ਅਤੇ ਸੁਰੱਖਿਆ ਲਈ ਆਪਣੀ ਆਵਾਜ਼ ਉਠਾ ਸਕਦੈ': ਰਾਸ਼ਟਰਪਤੀ ਹਰਜ਼ੋਗ



ਯੇਰੁਸ਼ਲਮ, 16 ਨਵੰਬਰ (ਪੋਸਟ ਬਿਊਰੋ): ਇਜ਼ਰਾਈਲ ਅਤੇ ਹਮਾਸ ਵਿਚਾਲੇ ਜੰਗ ਜਾਰੀ ਹੈ, ਜਿਸ ਵਿਚ 11 ਹਜ਼ਾਰ ਤੋਂ ਵੱਧ ਲੋਕਾਂ ਦੀ ਮੌਤ ਹੋ ਚੁੱਕੀ ਹੈ। ਇਸ ਦੌਰਾਨ ਇਜ਼ਰਾਈਲ ਦੇ ਰਾਸ਼ਟਰਪਤੀ ਇਸਾਕ ਹਰਜ਼ੋਗ ਨੇ ਕਿਹਾ ਕਿ ਭਾਰਤ ਦੁਨੀਆ ਦਾ ਇੱਕ ਮਹੱਤਵਪੂਰਨ ਦੇਸ਼ ਹੈ।ਭਾਰਤ ਧਰਤੀ ਦੇ ਮਹਾਨ ਦੇਸ਼ਾਂ ਵਿੱਚੋਂ ਇੱਕ ਹੈ।ਭਾਰਤ ਸ਼ਾਂਤੀ ਦੀ ਵਕਾਲਤ ਕਰਦਾ ਹੈ।ਉਨ੍ਹਾਂ ਨੇ ਉਮੀਦ ਜਤਾਈ ਹੈ ਕਿ ਭਾਰਤ ਇਜ਼ਰਾਈਲ ਦੀ ਸ਼ਾਂਤੀ ਲਈ ਯਕੀਨੀ ਤੌਰ 'ਤੇ ਆਪਣੀ ਆਵਾਜ਼ ਬੁਲੰਦ ਕਰ ਸਕਦਾ ਹੈ।

ਇਜ਼ਰਾਈਲ ਦੇ ਰਾਸ਼ਟਰਪਤੀ ਹਰਜ਼ੋਗ ਨੇ ਵੀਰਵਾਰ ਨੂੰ ਇਕ ਇੰਟਰਵਿਊ 'ਚ ਭਾਰਤ ਦੀ ਤਾਰੀਫ ਕੀਤੀ। ਉਨ੍ਹਾਂ ਕਿਹਾ ਕਿ ਜੁਲਾਈ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਮਰੀਕੀ ਕਾਂਗਰਸ ਦੇ ਸਾਂਝੇ ਸੈਸ਼ਨ ਨੂੰ ਸੰਬੋਧਨ ਕੀਤਾ ਸੀ। ਕੁਝ ਹਫ਼ਤਿਆਂ ਬਾਅਦ, ਮੈਂ ਵੀ ਇੱਕ ਭਾਸ਼ਣ ਦਿੱਤਾ, ਜੋ ਮੇਰੇ ਲਈ ਇੱਕ ਸੱਚਾ ਸਨਮਾਨ ਹੈ।ਭਾਰਤ ਸ਼ੁਰੂ ਤੋਂ ਹੀ ਸ਼ਾਂਤੀ ਦੀ ਵਕਾਲਤ ਕਰਦਾ ਰਿਹਾ ਹੈ। ਭਾਰਤ ਅੱਜ ਦੁਨੀਆ ਦੇ ਸਭ ਤੋਂ ਪ੍ਰਭਾਵਸ਼ਾਲੀ ਦੇਸ਼ਾਂ ਵਿੱਚੋਂ ਇੱਕ ਹੈ। ਭਾਰਤੀ ਧਰਤੀ ਦੇ ਮਹਾਨ ਲੋਕਾਂ ਵਿੱਚੋਂ ਹਨ। ਭਾਰਤ ਯਕੀਨੀ ਤੌਰ 'ਤੇ ਇਜ਼ਰਾਈਲ ਦੀ ਸ਼ਾਂਤੀ ਅਤੇ ਸੁਰੱਖਿਆ ਲਈ ਆਪਣੀ ਆਵਾਜ਼ ਉਠਾ ਸਕਦਾ ਹੈ।

ਹਮਾਸ ਨਾਲ ਜੰਗ ਦੇ ਸਵਾਲ 'ਤੇ ਉਨ੍ਹਾਂ ਕਿਹਾ ਕਿ ਅੱਜ ਜੰਗ ਆਪਣੇ 41ਵੇਂ ਦਿਨ 'ਚ ਦਾਖਲ ਹੋ ਗਈ ਹੈ। ਭਾਰਤ ਵਿਵਾਦ ਨੂੰ ਸੁਲਝਾਉਣ ਵਿਚ ਵਿਚੋਲਗੀ ਦੀ ਅਹਿਮ ਭੂਮਿਕਾ ਨਿਭਾ ਸਕਦਾ ਹੈ।

# ਤਿਰੁਪੁਰ 'ਚ ਭਿਆਨਕ ਸੜਕ ਹਾਦਸਾ, ਟਰੱਕ ਅਤੇ ਕਾਰ ਵਿਚਾਲੇ ਟੱਕਰ 'ਚ 5 ਦੀ ਮੌਤ



ਤਿਰੁਪੁਰ, 16 ਨਵੰਬਰ (ਪੋਸਟ ਬਿਊਰੋ): ਤਾਮਿਲਨਾਡੂ ਦੇ ਤਿਰੁਪੁਰ ਜ਼ਿਲੇ ਦੇ ਧਾਰਾਪੁਰਮ 'ਚ ਵੀਰਵਾਰ ਸ਼ਾਮ ਨੂੰ ਇਕ ਟਰੱਕ ਅਤੇ ਕਾਰ ਵਿਚਾਲੇ ਹੋਈ ਜ਼ਬਰਦਸਤ ਟੱਕਰ 'ਚ 5 ਲੋਕਾਂ ਦੀ ਮੌਤ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਕਾਰ ਅਤੇ ਟਰੱਕ ਦੀ ਸਿੱਧੀ ਟੱਕਰ ਹੋ ਗਈ। ਟਰੱਕ ਕੋਇੰਬਟੂਰ ਤੋਂ ਧਰਮਪੁਰਮ ਜਾ ਰਿਹਾ ਸੀ ਅਤੇ ਕਾਰ ਪਲਾਨੀ ਤੋਂ ਵਾਪਸ ਧਰਮਪੁਰਮ ਜਾ ਰਹੀ ਸੀ। ਧਾਰਾਪੁਰਮ ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ। ਇਸ ਦੇ ਨਾਲ ਹੀ ਤਾਮਿਲਨਾਡੂ ਸਰਕਾਰ ਨੇ ਹਾਦਸੇ ਵਿੱਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨੂੰ 2-2 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ ਹੈ।

# ਇਟਾਵਾ 'ਚ ਟਰੇਨ ਦੇ ਡੱਬੇ 'ਚ ਲੱਗੀ ਅੱਗ, 21 ਯਾਤਰੀ ਜ਼ਖਮੀ




ਇਟਾਵਾ, 16 ਨਵੰਬਰ (ਪੋਸਟ ਬਿਊਰੋ): ਇਟਾਵਾ ਜ਼ਿਲੇ 'ਚ ਬੀਤੀ ਦੇਰ ਰਾਤ ਦਿੱਲੀ-ਸਹਿਰਸਾ ਵੈਸ਼ਾਲੀ ਐਕਸਪ੍ਰੈੱਸ ਦੇ ਇਕ ਡੱਬੇ 'ਚ ਅੱਗ ਲੱਗ ਗਈ, ਜਿਸ ਕਾਰਨ ਪ੍ਰਭਾਵਿਤ 21 ਯਾਤਰੀਆਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਇਨ੍ਹਾਂ ਵਿੱਚੋਂ ਜ਼ਿਆਦਾਤਰ ਲੋਕਾਂ ਨੂੰ ਧੂੰਏਂ ਕਾਰਨ ਸਾਹ ਲੈਣ ਵਿੱਚ ਤਕਲੀਫ਼ ਹੋਈ। ਉੱਤਰ ਪ੍ਰਦੇਸ਼ ਦੇ ਇਟਾਵਾ ਵਿੱਚ 12 ਘੰਟਿਆਂ ਦੇ ਅੰਦਰ ਰੇਲ ਦੇ ਡੱਬੇ ਵਿੱਚ ਅੱਗ ਲੱਗਣ ਦੀ ਇਹ ਦੂਜੀ ਘਟਨਾ ਹੈ। ਉੱਤਰ ਪ੍ਰਦੇਸ਼ ਦੇ ਰਾਹਤ ਕਮਿਸ਼ਨਰ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇਸ ਘਟਨਾ ਵਿੱਚ ਰੇਲਗੱਡੀ ਦੇ ਕੁੱਲ 21 ਯਾਤਰੀ ਪ੍ਰਭਾਵਿਤ ਹੋਏ ਹਨ, ਜਿਨ੍ਹਾਂ ਨੂੰ ਵੱਖ-ਵੱਖ ਹਸਪਤਾਲਾਂ ਵਿੱਚ ਲਿਜ-ਾਇਆ ਗਿਆ ਹੈ। ਧੂੰਏਂ ਕਾਰਨ ਕੁਝ ਯਾਤਰੀਆਂ ਨੂੰ ਮਾਮੂਲੀ ਸੱਟਾਂ ਲੱਗੀਆਂ ਅਤੇ ਕੁਝ ਨੂੰ ਸਾਹ ਲੈਣ ਵਿੱਚ ਤਕਲੀਫ਼ ਹੋਈ।

ਇਟਾਵਾ ਦੇ ਪੁਲਿਸ ਸੁਪਰਡੈਂਟ (ਐਸਪੀ) ਸੰਜੇ ਕੁਮਾਰ ਨੇ ਕਿਹਾ, "ਅੱਗ ਤੜਕੇ ਕਰੀਬ 2:40 ਵਜੇ ਲੱਗੀ ਜਦੋਂ ਟਰੇਨ ਫ੍ਰੈਂਡਜ਼ ਕਾਲੋਨੀ ਥਾਣਾ ਖੇਤਰ ਵਿੱਚ ਸੀ। ਮੌਕੇ 'ਤੇ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਭੇਜੀਆਂ ਗਈਆਂ, ਜਿਨ੍ਹਾਂ ਨੇ ਅੱਗ 'ਤੇ ਕਾਬੂ ਪਾ ਲਿਆ।ਉੱਤਰੀ ਮੱਧ ਰੇਲਵੇ ਦੇ ਅਧਿਕਾਰੀਆਂ ਮੁਤਾਬਕ ਅੱਗ ਮਾਮੂਲੀ ਸੀ ਪਰ ਡੱਬਾ ਧੂੰਏਂ ਨਾਲ ਭਰ ਗਿਆ ਅਤੇ ਕੁਝ ਯਾਤਰੀਆਂ ਨੂੰ ਸਾਹ ਲੈਣ ਵਿੱਚ ਤਕਲੀਫ਼ ਦਾ ਸਾਹਮਣਾ ਕਰਨਾ ਪਿਆ। ਇਨ੍ਹਾਂ ਯਾਤਰੀਆਂ ਨੂੰ ਮੁੱਢਲੀ ਸਹਾਇਤਾ ਲਈ ਜ਼ਿਲ੍ਹਾ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ।






















# ਨਸ਼ਿਆਂ ਦਾ ਲੱਕ ਤੋੜਨ ਲਈ ਮੁੱਖ ਮੰਤਰੀ ਦੀ ਅਗਵਾਈ ਵਿੱਚ ਲੁਧਿਆਣਾ ਵਿਖੇ ਹੋਈ ਦੇਸ਼ ਦੀ ਸਭ ਤੋਂ ਵੱਡੀ ਸਾਈਕਲ ਰੈਲੀ

* 25000 ਤੋਂ ਵੱਧ ਨੌਜਵਾਨਾਂ ਨੇ ਵਿਸ਼ਾਲ ਰੈਲੀ ਵਿੱਚ ਸ਼ਿਰਕਤ ਕਰਕੇ ਦਿੱਤਾ ਨਸ਼ਿਆਂ ਖਿਲਾਫ ਸੁਨੇਹਾ

ਲੁਧਿਆਣਾ, 16 ਨਵੰਬਰ (ਪੋਸਟ ਬਿਊਰੋ): ਇਕ ਇਤਿਹਾਸਕ ਉਪਰਾਲਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਹਜ਼ਾਰਾਂ ਨੌਜਵਾਨਾਂ ਨੇ ਅੱਜ ਪੰਜਾਬ ਪੁਲਿਸ ਵੱਲੋਂ ਇੱਥੇ ਕੱਢੀ ਗਈ ਦੇਸ਼ ਦੀ ਸਭ ਤੋਂ ਵੱਡੀ ਸਾਈਕਲ ਰੈਲੀ ਵਿੱਚ ਸ਼ਿਰਕਤ ਕੀਤੀ ਅਤੇ ਲੋਕਾਂ ਨੂੰ ਜਾਗਰੂਕ ਕਰਕੇ ਨਸ਼ਿਆਂ ਦਾ ਲੱਕ ਤੋੜਨ ਦਾ ਸੁਨੇਹਾ ਦਿੱਤਾ।




ਇਸ ਰੈਲੀ ਵਿੱਚ ਹਰੇਕ ਵਰਗ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਤਾਂ ਕਿ ਪੰਜਾਬ ਨੂੰ ਮੁਕੰਮਲ ਤੌਰ ਉਤੇ ਨਸ਼ਾ ਮੁਕਤ ਸੂਬਾ ਬਣਾਉਣ ਦੇ ਸੰਦੇਸ਼ ਦਾ ਪਾਸਾਰ ਕੀਤਾ ਜਾ ਸਕੇ। ਰੈਲੀ ਵਿੱਚ ਪਹੁੰਚੇ ਲੋਕਾਂ ਖਾਸ ਕਰਕੇ ਨੌਜਵਾਨਾਂ ਵਿੱਚ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਪੁੱਟ ਕੇ ਆਪਣੇ ਸੂਬੇ ਨੂੰ ਖੁਸ਼ਹਾਲ ਤੇ ਸਿਹਤਮੰਦ ਸੂਬਾ ਬਣਾਉਣ ਦਾ ਉਤਸ਼ਾਹ ਦੇਖਣਾ ਬਣਦਾ ਸੀ। ਇਸ ਉਪਰਾਲੇ ਰਾਹੀਂ ਪੰਜਾਬ ਪੁਲਿਸ ਖਾਸ ਕਰਕੇ ਸੂਬਾ ਸਰਕਾਰ ਦੀ ਗੰਭੀਰ ਸਮਾਜਿਕ ਮਸਲਿਆਂ ਪ੍ਰਤੀ ਵਚਨਬੱਧਤਾ ਵੀ ਸਾਬਤ ਹੁੰਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਸਮਾਗਮ ਦਾ ਮੁੱਖ ਮਕਸਦ ਨਸ਼ਿਆਂ ਦੀ ਸਮੱਸਿਆ ਉਤੇ ਕਾਬੂ ਪਾਉਣਾ ਅਤੇ ਸਿਹਤਮੰਦ ਤੇ ਸਥਿਰ ਜੀਵਨ ਵਜੋਂ ਸਾਈਕਲ ਦੀ ਸਵਾਰੀ ਨੂੰ ਉਭਾਰਨਾ ਹੈ। ਉਨ੍ਹਾਂ ਕਿਹਾ ਕਿ ਇਹ ਰੈਲੀ ਨਸ਼ਿਆਂ ਦੇ ਗੰਭੀਰ ਸਿੱਟਿਆਂ ਅਤੇ ਨਸ਼ੇ ਤੋਂ ਮੁਕਤ ਜੀਵਨ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਕੇ ਨਸ਼ਿਆਂ ਦੀ ਮੰਗ ਘਟਾਉਣ ਵਿੱਚ ਅਹਿਮ ਜ਼ਰੀਆ ਸਾਬਤ ਹੋਵੇਗੀ। ਰੈਲੀ ਨੂੰ ਝੰਡੀ ਵਿਖਾ ਕੇ ਰਵਾਨਾ ਕਰਨ ਮੌਕੇ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਰੈਲੀ ਦੀ ਬਹੁਤ ਜ਼ਿਆਦਾ ਅਹਿਮੀਅਤ ਹੈ ਕਿਉਂਕਿ ਇਤਫਾਕਵੱਸ ਇਹ ਰੈਲੀ ਦੇਸ਼ ਦੇ ਸਭ ਤੋਂ ਨੌਜਵਾਨ ਇਨਕਲਾਬੀ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਮੌਕੇ ਕਰਵਾਈ ਗਈ ਹੈ ਜਿਸ ਨੇ 19 ਸਾਲ ਦੀ ਉਮਰ ਵਿੱਚ ਜੀਵਨ ਵਤਨ ਦੇ ਲੇਖੇ ਲਾ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ 16 ਨਵੰਬਰ ਦਾ ਦਿਹਾੜਾ ਉਨ੍ਹਾਂ ਦੀ ਸ਼ਹਾਦਤ ਦੀ ਭਾਵੁਕ ਯਾਦ ਦਿਵਾਉਂਦਾ ਹੈ ਅਤੇ ਅੱਜ ਦੇ ਇਸ ਇਤਿਹਾਸਕ ਦਿਹਾੜੇ ਨੇ ਸਮਾਗਮ ਨੂੰ ਹੋਰ ਵੀ ਮਹੱਤਵਪੂਰਨ ਬਣਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਸਭ ਤੋਂ ਵੱਡੀ ਸਾਈਕਲ ਰੈਲੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਦੇ ਨੇਕ ਇਰਾਦੇ ਨਾਲ ਕੀਤੀ ਗਈ ਹੈ।

# ਟ੍ਰੇਨਿੰਗ ਦੌਰਾਨ ਬੇਚੈਨੀ ਤੋਂ ਬਾਅਦ ਏਅਰ ਇੰਡੀਆ ਦੇ ਪਾਇਲਟ ਦੀ ਮੌਤ

ਨਵੀਂ ਦਿੱਲੀ, 16 ਨਵੰਬਰ (ਪੋਸਟ ਬਿਊਰੋ): ਏਅਰ ਇੰਡੀਆ ਦੇ ਸੀਨੀਅਰ ਪਾਇਲਟ ਦੀ ਵੀਰਵਾਰ ਸਵੇਰੇ ਦਿੱਲੀ ਏਅਰਪੋਰਟ 'ਤੇ ਟਰੇਨਿੰਗ ਸੈਸ਼ਨ ਦੌਰਾਨ ਚਿੰਤਾ ਦੇ ਲੱਛਣ ਦਿਖਣ ਤੋਂ ਬਾਅਦ ਮੌਤ ਹੋ ਗਈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਕਿਹਾ ਕਿ ਅਜਿਹਾ ਲੱਗਦਾ ਹੈ ਕਿ ਪਾਇਲਟ ਨੂੰ ਦਿਲ ਦਾ ਦੌਰਾ ਪਿਆ ਸੀ।



ਉਨ੍ਹਾਂ ਦੱਸਿਆ ਕਿ ਕਰੀਬ 30 ਸਾਲ ਦਾ ਹਿਮਾਨਿਲ ਕੁਮਾਰ ਏਅਰਪੋਰਟ ਦੇ ਟਰਮੀਨਲ 3 'ਤੇ ਏਅਰ ਇੰਡੀਆ ਦੇ ਆਪਰੇਸ਼ਨ ਵਿਭਾਗ 'ਚ ਟ੍ਰੇਨਿੰਗ ਸੈਸ਼ਨ 'ਚ ਸੀ। ਅਚਾਨਕ, ਉਸ ਨੇ ਚਿੰਤਾ ਦੇ ਲੱਛਣ ਦਿਖਾਉਣੇ ਸ਼ੁਰੂ ਕਰ ਦਿੱਤੇ ਅਤੇ ਸਾਥੀਆਂ ਨੇ ਉਸ ਦੀ ਮਦਦ ਕਰਨ ਦੀ ਕੋਸ਼ਿਸ਼ ਕੀਤੀ।

ਅਧਿਕਾਰੀਆਂ ਨੇ ਦੱਸਿਆ ਕਿ ਕੁਮਾਰ ਨੂੰ ਹਵਾਈ ਅੱਡੇ 'ਤੇ ਹਸਪਤਾਲ ਲਿਜ-ਾਇਆ ਗਿਆ ਪਰ ਪੂਰੀ ਕੋਸ਼ਿਸ਼ ਦੇ ਬਾਵਜੂਦ ਉਸ ਨੂੰ ਬਚਾਇਆ ਨਹੀਂ ਜਾ ਸਕਿਆ।

ਸੀਨੀਅਰ ਕਮਾਂਡਰ ਕੁਮਾਰ ਇੱਕ ਟਰੇਨਿੰਗ ਸੈਸ਼ਨ ਵਿੱਚ ਸੀ ਜਿਸ ਤਹਿਤ ਸਿੰਗਲ ਸੀਟ ਏਅਰਕ੍ਰਾਫਟ ਉਡਾਉਣ ਵਾਲੇ ਪਾਇਲਟਾਂ ਨੂੰ ਵੱਡੇ ਜਹਾਜ਼ ਚਲਾਉਣ ਦੀ ਸਿਖਲਾਈ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਉਸ ਨੇ 3 ਅਕਤੂਬਰ ਤੋਂ ਏ320 ਜਹਾਜ਼ ਤੋਂ ਬੋਇੰਗ 777 ਜਹਾਜ਼ ਚਲਾਉਣ ਦੀ ਸਿਖਲਾਈ ਸ਼ੁਰੂ ਕੀਤੀ ਸੀ।

## ਬੰਦੀ ਸਿੰਘਾਂ ਦੀ ਰਿਹਾਈ ਲਈ ਦੂਜਾ ਅਰਦਾਸ ਸਮਾਗਮ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ 19 ਨੂੰ

ਅੰਮ੍ਰਿਤਸਰ, 16 ਨਵੰਬਰ (ਪੋਸਟ ਬਿਊਰੋ): ਡਿਬਰੂਗੜ ਜੇਲ੍ਹ ਅਸਾਮ ਵਿਚ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਅਤੇ ਸਮੂਹ ਬੰਦੀ ਸਿੰਘਾਂ ਦੀ ਰਿਹਾਈ ਲਈ ਪੰਜ ਤਖ਼ਤ ਸਾਹਿਬਾਨਾਂ ਤੇ ਸ਼ੁਰੂ ਕੀਤੇ ਅਰਦਾਸ ਸਮਾਗਮ ਤਹਿਤ ਦੂਜਾ ਅਰਦਾਸ ਸਮਾਗਮ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਨੰਦਪੁਰ ਸਾਹਿਬ ਵਿਖੇ ਮਿਤੀ 19 ਨਵੰਬਰ ਦਿਨ ਐਤਵਾਰ ਨੂੰ ਸਵੇਰੇ 10।30 ਵਜੇ ਹੋਵੇਗਾ।

ਇਸ ਬਾਰੇ ਜਾਣਕਾਰੀ ਦਿੰਦਿਆਂ ਭਾਈ ਅੰਮ੍ਰਿਤਪਾਲ ਸਿੰਘ ਦੀ ਮਾਤਾ ਬਲਵਿੰਦਰ ਕੌਰ ਨੇ ਦੱਸਿਆ ਕਿ ਇਸ ਸਮਾਗਮ ਵਿਚ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਗ੍ਰਿਫ਼ਤਾਰੀ ਦੇਣ ਸਮੇਂ ਨੌਜਵਾਨਾਂ ਨੂੰ ਨਸ਼ੇ ਛੱਡ ਕੇ ਅੰਮ੍ਰਿਤ ਛੱਕ ਕੇ ਸਿੰਘ ਸੱਜਣ ਦੀ ਬੇਨਤੀ ਕੀਤੀ ਤਾਂ ਕਿ ਜ਼ਾਲਮ ਹਕੂਮਤਾਂ ਨੂੰ ਹਾਰ ਦਿੱਤੀ ਜਾ ਸਕੇ। ਉਸੇ ਤਹਿਤ ਅੰਮ੍ਰਿਤ ਛਕਣ ਲਈ ਸ੍ਰੀ ਅਨੰਦਪੁਰ ਸਾਹਿਬ ਪਹੁੰਚੀਆਂ ਸੰਗਤਾਂ ਲਈ ਮਿਤੀ 18 ਨਵੰਬਰ ਦਿਨ ਸਨਿੱਚਰਵਾਰ ਨੂੰ ਦੁਪਹਿਰ 12:30 ਵਜੇ ਗੁਰਦੁਆਰਾ ਸਾਹਿਬ ਪਿੰਡ ਜੱਲੂਪੁਰ ਖੇੜਾ ਤੋਂ ਕਕਾਰ ਆਦਿ ਲੈ ਕੇ ਸੰਗਤੀ ਰੂਪ ਵਿੱਚ ਚਾਲੇ ਪਾਏ ਜਾਣਗੇ। ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਵਹੀਰ ਵਾਲਿਆਂ ਦੇ ਮਾਤਾ ਬਲਵਿੰਦਰ ਕੌਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਸਾਹਮਣੇ ਮੀਡੀਆ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਮੂਹ ਸੰਗਤ/ਪੰਥਕ ਜਥੇਬੰਦੀਆਂ/ਸੰਸਥਾਵਾਂ ਵੱਲੋਂ ਦਿੱਤੇ ਸਹਿਯੋਗ ਸਦਕਾ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਅਤੇ ਸਮੂਹ ਬੰਦੀ ਸਿੰਘਾਂ ਦੀ ਰਿਹਾਈ ਲਈ ਜੋ ਪੰਜ ਤਖ਼ਤ ਸਾਹਿਬਾਨਾਂ ਤੇ ਅਰਦਾਸ ਸਮਾਗਮ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ, ਉਸ ਦੇ ਤਹਿਤ 5 ਨਵੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਸਮਾਗਮ ਦੇ ਨਾਲ ਇਹ ਅਰੰਭਤਾ ਕੀਤੀ ਗਈ ਸੀ। ਭਾਵੇਂ ਕਿ ਸਿਰਫ਼ ਇੱਕ ਦਿਨ ਪਹਿਲਾਂ ਪ੍ਰੈਸ ਨੂੰ ਪ੍ਰੋਗਰਾਮ ਰਿਲੀਜ਼ ਕੀਤਾ ਗਿਆ ਸੀ, ਫਿਰ ਵੀ ਕੁੱਝ ਘੰਟੇ ਪਹਿਲਾਂ ਦਿੱਤੇ ਸੱਦੇ ਤੇ ਸੈਂਕੜੇ ਸਿੰਘ ਸਿੰਘਣੀਆਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ ਅਰਦਾਸ ਸਮਾਗਮ ਵਿੱਚ ਪਹੁੰਚੇ। ਉਹਨਾਂ ਕਿਹਾ ਕਿ ਸੰਗਤਾਂ ਵੱਲੋਂ ਮੈਨੂੰ ਰੋਜ਼ਾਨਾ ਸੈਂਕੜੇ ਟੈਲੀਫ਼ੋਨ ਕਾਲਾਂ ਆ ਰਹੀਆਂ ਸਨ ਕਿ ਅਗਲੇ ਤਖ਼ਤ ਸਾਹਿਬ ਤੇ ਕੀਤੇ ਜਾ ਰਹੇ ਅਰਦਾਸ ਸਮਾਗਮ ਦਾ ਐਲਾਨ ਕੁੱਝ ਦਿਨ ਪਹਿਲਾਂ ਕੀਤਾ ਜਾਵੇ ਤਾਂ ਕਿ ਸੰਗਤੀ ਰੂਪ ਵਿੱਚ ਸੰਗਤਾਂ ਉੱਥੇ ਪਹੁੰਚਣ।

## ਸੂਬਾ ਵਾਸੀਆਂ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਹੀਦੀ ਦਿਹਾੜੇ ’ਤੇ ਸ਼ਰਧਾ ਦੇ ਫੁੱਲ ਭੇਟ

ਸਰਾਭਾ (ਲੁਧਿਆਣਾ), 16 ਨਵੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ‘ਚ ਅੱਜ ਸੂਬੇ ਭਰ ਦੇ ਲੋਕਾਂ ਨੇ ਆਜ਼ਾਦੀ ਸੰਘਰਸ਼ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਉਨ੍ਹਾਂ ਦੇ ਸ਼ਹੀਦੀ ਦਿਹਾੜੇ ’ਤੇ ਸ਼ਰਧਾ ਦੇ ਫੁੱਲ ਭੇਟ ਕੀਤੇ।

ਅੱਜ ਇੱਥੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਮੌਕੇ ਰਾਜ ਪੱਧਰੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਭਾਰਤ ਦੇ ਸਭ ਤੋਂ ਨੌਜਵਾਨ ਕ੍ਰਾਂਤੀਕਾਰੀ ਸਨ, ਜਿਨ੍ਹਾਂ ਨੇ ਮਹਿਜ਼ 19 ਸਾਲ ਦੀ ਉਮਰ ਵਿੱਚ ਆਪਣੀ ਜਾਨ ਕੁਰਬਾਨ ਕਰ ਦਿੱਤੀ।

ਉਨ੍ਹਾਂ ਕਿਹਾ ਕਿ ਇੰਨੀ ਛੋਟੀ ਉਮਰ ਵਿੱਚ ਸ਼ਹੀਦ ਹੋਣ ਵਾਲੇ ਕਰਤਾਰ ਸਿੰਘ ਸਰਾਭਾ ਆਪਣੇ ਦੇਸ਼ ਲਈ ਨਿਰਸਵਾਰਥ ਸੇਵਾ ਨਿਭਾਉਣ ਵਾਸਤੇ ਨੌਜਵਾਨ ਪੀੜ੍ਹੀਆਂ ਲਈ ਸਦੀਆਂ ਤੋਂ ਪ੍ਰੇਰਨਾ ਦਾ ਸਰੋਤ ਬਣੇ ਹੋਏ ਹਨ। ਭਗਵੰਤ ਮਾਨ ਨੇ ਕਿਹਾ ਕਿ ਇਸ ਮਹਾਨ ਸ਼ਹੀਦ ਨੇ ਦੇਸ਼ ਨੂੰ ਵਿਦੇਸ਼ੀ ਸਾਮਰਾਜਵਾਦ ਦੇ ਚੁੰਗਲ ਤੋਂ ਮੁਕਤ ਕਰਵਾਉਣ ਲਈ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਕਿਹਾ ਕਿ ਗ਼ਦਰ ਪਾਰਟੀ ਦੇ ਸਰਗਰਮ ਆਗੂ ਵਜੋਂ ਉਨ੍ਹਾਂ ਨੇ ਪਹਿਲਾਂ ਵਿਦੇਸ਼ਾਂ ਵਿੱਚ ਅਤੇ ਫਿਰ ਦੇਸ਼ ਦੀ ਆਜ਼ਾਦੀ ਲਈ ਅਣਥੱਕ ਮਿਹਨਤ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇੰਡੀਅਨ ਏਅਰ ਫੋਰਸ ਸਟੇਸ਼ਨ ਹਲਵਾਰਾ, ਲੁਧਿਆਣਾ ਵਿਖੇ ਬਣ ਰਹੇ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਨਾਮ ਸ਼ਹੀਦ ਕਰਤਾਰ ਸਿੰਘ ਸਰਾਭਾ ਅੰਤਰਰਾਸ਼ਟਰੀ ਹਵਾਈ ਅੱਡਾ ਰੱਖੇਗੀ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਦਾ 80 ਫੀਸਦ ਕੰਮ ਮੁਕੰਮਲ ਹੋ ਚੁੱਕਾ ਹੈ ਅਤੇ ਇਹ ਜਲਦੀ ਹੀ ਚਾਲੂ ਹੋ ਜਾਵੇਗਾ।

ਉਨ੍ਹਾਂ ਕਿਹਾ ਕਿ ਇਹ ਉਸ ਮਹਾਨ ਸ਼ਹੀਦ ਨੂੰ ਨਿਮਾਣੀ ਜਿਹੀ ਸ਼ਰਧਾਂਜਲੀ ਹੋਵੇਗੀ, ਜਿਸ ਨੇ ਮਾਤ ਭੂਮੀ ਦੀ ਰਾਖੀ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ ਅਤੇ ਕਿਹਾ ਕਿ ਇਹ ਮਹਾਨ ਸ਼ਹੀਦ ਦੇਸ਼ ਲਈ ਨਿਰਸਵਾਰਥ ਸੇਵਾ ਨਿਭਾਉਣ ਵਾਸਤੇ ਨੌਜਵਾਨ ਪੀੜ੍ਹੀਆਂ ਲਈ ਸਦੀਆਂ ਤੋਂ ਪ੍ਰੇਰਨਾ ਸਰੋਤ ਬਣੇ ਹੋਏ ਹਨ।

# 67 ਵੀਆਂ ਰਾਜ ਪੱਧਰੀ ਸਕੂਲੀ ਖੇਡਾਂ ਕਬੱਡੀ ਦਾ ਅਗਾਜ਼





ਬਠਿੰਡਾ, 16 ਨਵੰਬਰ (ਪੋਸਟ ਬਿਊਰੋ): 67 ਵੀਆ ਰਾਜ ਪੱਧਰੀ ਸਕੂਲੀ ਖੇਡਾਂ ਕਬੱਡੀ ਅੰਡਰ 19 ਮੁੰਡੇ, ਕੁੜੀਆਂ ਦਾ ਅਗਾਜ਼ ਸ਼ਾਨੋ ਸ਼ੌਕਤ ਨਾਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ ਵਿਖੇ ਹੋਇਆ।

ਇਹਨਾ ਖੇਡ ਮੁਕਾਬਲਿਆਂ ਦਾ ਉਦਘਾਟਨ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਸ਼ਿਵ ਪਾਲ ਗੋਇਲ ਵਲੋਂ ਕੀਤਾ ਗਿਆ। ਅਤੇ ਪ੍ਰਧਾਨਗੀ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਇਕਬਾਲ ਸਿੰਘ ਬੁੱਟਰ ਵਲੋਂ ਕੀਤੀ ਗਈ।ਇਸ ਮੌਕੇ ਉਹਨਾਂ ਬੋਲਦਿਆਂ ਕਿਹਾ ਕਿ ਚੰਗੀ ਸਿਹਤ ਲਈ ਖੇਡਾਂ ਨੂੰ ਕਸਰਤ ਦਾ ਸਭ ਤੋਂ ਵਧੀਆ ਰੂਪ ਮੰਨਿਆ ਜਾਂਦਾ ਹੈ। ਖੇਡਾਂ ਵਿਦਿਆਰਥੀਆਂ ਦੇ ਦਿਮਾਗੀ ਪੱਧਰ ਨੂੰ ਉੱਚਾ ਚੁੱਕਦੀਆਂ ਹਨ।

ਇਹਨਾ ਸਬੰਧੀ ਜਾਣਕਾਰੀ ਦਿੰਦਿਆਂ ਜਸਵੀਰ ਸਿੰਘ ਗਿੱਲ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਅਤੇ ਪ੍ਰਬੰਧਕ ਨੇ ਦੱਸਿਆ ਕਿ ਲੀਗ ਮੁਕਾਬਲਿਆਂ ਵਿੱਚ ਬਠਿੰਡਾ ਨੇ ਮਲੇਰਕੋਟਲਾ ਨੂੰ 52-12 ਨਾਲ,ਸ੍ਰੀ ਫਤਿਹਗੜ੍ਹ ਸਾਹਿਬ ਨੇ ਫਰੀਦਕੋਟ ਨੂੰ 49-23 ਨਾਲ, ਪਠਾਨਕੋਟ ਨੇ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ 67-34 ਨਾਲ, ਤਰਨਤਾਰਨ ਨੇ ਹੁਸ਼ਿਆਰਪੁਰ ਨੂੰ 65-19 ਨਾਲ,ਰੋਪੜ ਨੇ ਲੁਧਿਆਣਾ ਨੂੰ 56-30 ਨਾਲ, ਮਾਨਸਾ ਨੇ ਪਟਿਆਲਾ ਨੂੰ 60-32 ਨਾਲ , ਬਠਿੰਡਾ ਨੇ ਸ੍ਰੀ ਮੁਕਤਸਰ ਨੂੰ 47-40 ਨਾਲ ਹਰਾਇਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਕੁਲਵਿੰਦਰ ਸਿੰਘ ਸਿੱਧੂ,ਪ੍ਰਿੰਸੀਪਲ ਜਗਤਾਰ ਸਿੰਘ, ਮੁੱਖ ਅਧਿਆਪਕ ਕੁਲਵਿੰਦਰ ਸਿੰਘ ਕਟਾਰੀਆ, ਮੁੱਖ ਅਧਿਆਪਕ ਗੁਰਪ੍ਰੀਤ ਕੌਰ ਸਿੱਧੂ,ਮੁੱਖ ਅਧਿਆਪਕ ਗੁਰਪ੍ਰੀਤ ਕੌਰ, ਮੁੱਖ ਅਧਿਆਪਕ ਗਗਨਦੀਪ ਕੌਰ,ਲੈਕਚਰਾਰ ਮਨਦੀਪ ਕੌਰ, ਲੈਕਚਰਾਰ ਵਰਿੰਦਰ ਸਿੰਘ, ਲੈਕਚਰਾਰ ਅਮਰਦੀਪ ਸਿੰਘ ਗਿੱਲ, ਲੈਕਚਰਾਰ ਨਾਜ਼ਰ ਸਿੰਘ ਲੈਕਚਰਾਰ ਸੰਦੀਪ ਸਿੰਘ ਸ਼ੇਰਗਿੱਲ, ਲੈਕਚਰਾਰ ਹਰਜਿੰਦਰ ਸਿੰਘ ਮਾਨ,ਲੈਕਚਰਾਰ ਕੁਲਵੀਰ ਸਿੰਘ , ਇੰਦਰਜੀਤਸਿੰਘ ਬਰਨਾਲਾ, ਭੁਪਿੰਦਰ ਸਿੰਘ ਤੱਗੜ,ਰਜਿੰਦਰ ਸਿੰਘ ਢਿੱਲੋਂ,ਜਸਵਿੰਦਰ ਸਿੰਘ ਪੱਕਾ,ਗੁਰਮੀਤ ਸਿੰਘ ਮਾਨ, ਗੁਰਮੀਤ ਸਿੰਘ ਰਾਮਗੜ੍ਹ ਭੂੰਦੜ, ਕੁਲਦੀਪ ਸਿੰਘ ਮੂਸਾ, ਮਨਪ੍ਰੀਤ ਸਿੰਘ, ਕਰਮਜੀਤ ਕੌਰ, ਸੁਖਜਿੰਦਰ ਪਾਲ ਕੌਰ,ਅਮਨਦੀਪ ਸਿੰਘ, ਹਰਪ੍ਰੀਤ ਸਿੰਘ, ਸਤਵੀਰ ਸਿੰਘ,ਮੰਗਾਂ ਸਿੰਘ ਅੰਟਾਲ ਸਿਲੈਕਟਰ, ਸੁਖਵੀਰ ਸਿੰਘ ਸਿਲੈਕਟਰ, ਸੁਖਵੰਤ ਕੌਰ ਸਿਲੈਕਟਰ, ਰਮਨਦੀਪ ਸਿੰਘ ਜਟਾਣਾ, ਗੁਰਿੰਦਰ ਸਿੰਘ ਲੱਭੀ, ਵਰਿੰਦਰ ਸਿੰਘ ਵਿਰਕ ਹਾਜ਼ਰ ਸਨ।


Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com





98 JOHN ST E
Bradford West Gwillimbury, Ontario L3Z1G4

$1,149,000

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.



CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Drug and Alcohol Test
Capital DRUG TESTING
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.

Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਪੰਜਾਬ ਨੇ ਪਹਿਲੀ ਵਾਰ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਲ ਫਾਂਸੀ ਚੜ੍ਹਨ ਵਾਲੇ ਛੇ ਹੋਰ ਸ਼ਹੀਦਾਂ ਨੂੰ ਯਾਦ ਕੀਤਾ-ਮੁੱਖ ਮੰਤਰੀ

ਲੁਧਿਆਣਾ, 16 ਨਵੰਬਰ (ਪੋਸਟ ਬਿਓਰੋ):ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਨੂੰ ਨਸ਼ਿਆਂ ਦੀ ਅਲਾਮਤ ਤੋਂ ਮੁਕੰਮਲ ਤੌਰ ’ਤੇ ਮੁਕਤ ਕਰਨ ਲਈ ਸਮੂਹ ਪੰਜਾਬੀਆਂ ਨੂੰ ਪੰਜਾਬ ਵਿਰੋਧੀ ਤਾਕਤਾਂ ਦੀ ਸ਼ਹਿ ਪ੍ਰਾਪਤ ਨਸ਼ਾ-ਅੱਤਵਾਦ ਨੂੰ ਮੂੰਹ ਤੋੜਵਾਂ ਜਵਾਬ ਦੇਣ ਦਾ ਸੰਕਲਪ ਲੈਣ ਦਾ ਸੱਦਾ ਦਿੱਤਾ।

ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਦੇ ਮੌਕੇ ਉਨ੍ਹਾਂ ਦੀ ਯਾਦ ਵਿੱਚ ਪੰਜਾਬ ਪੁਲਿਸ ਵੱਲੋਂ ਕਰਵਾਈ ਵਿਸ਼ਾਲ ਨਸ਼ਾ ਵਿਰੋਧੀ ਸਾਈਕਲ ਰੈਲੀ ਨੂੰ ਝੰਡੀ ਵਿਖਾ ਕੇ ਰਵਾਨਾ ਕਰਨ ਤੋਂ ਪਹਿਲਾਂ ਆਪਣੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਉਤੇ ਮੁੱਢ ਤੋਂ ਧਾੜਵੀ ਹਮਲੇ ਕਰਦੇ ਰਹੇ ਹਨ ਪਰ ਪੰਜਾਬੀਆਂ ਨੇ ਹਮੇਸ਼ਾ ਹੀ ਇਨ੍ਹਾਂ ਹਮਲਿਆਂ ਦਾ ਬਹਾਦਰੀ ਨਾਲ ਮੁਕਾਬਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੂੰ ਹੁਣ ਨਸ਼ਾ-ਅੱਤਵਾਦ ਦੇ ਖਿਲਾਫ਼ ਜੰਗ ਲੜਨੀ ਪੈ ਰਹੀ ਹੈ।

ਇਸ ਇਤਿਹਾਸਕ ਦਿਹਾੜੇ ’ਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਪਵਿੱਤਰ ਦਿਹਾੜੇ ’ਤੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਦਾ ਪ੍ਰਣ ਲੈਣ ਨਾਲ ਇਸ ਮਹਾਨ ਸ਼ਹੀਦ ਨੂੰ ਸਹੀ ਮਾਅਨਿਆਂ ਵਿੱਚ ਸੱਚੀ ਸ਼ਰਧਾਂਜਲੀ ਹੋਵੇਗੀ। ਉਨ੍ਹਾਂ ਕਿਹਾ ਕਿ ਪਹਿਲੀ ਵਾਰ ਪੰਜਾਬ ਸਰਕਾਰ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਲ ਫਾਂਸੀ ਚੜ੍ਹਨ ਵਾਲੇ ਉਨ੍ਹਾਂ ਦੇ ਛੇ ਹੋਰ ਸਾਥੀਆਂ ਸ਼ਹੀਦ ਵਿਸ਼ਨੂੰ ਗਣੇਸ਼ ਪਿੰਗਲੇ (ਪੂਨੇ, ਮਹਾਰਾਸ਼ਟਰ), ਸ਼ਹੀਦ ਜਗਤ ਸਿੰਘ (ਤਰਨ ਤਾਰਨ), ਸ਼ਹੀਦ ਹਰਨਾਮ ਸਿੰਘ ਸਿਆਲਕੋਟੀ (ਸਿਆਲਕੋਟ, ਪਾਕਿਸਤਾਨ), ਸ਼ਹੀਦ ਬਖਸ਼ੀਸ਼ ਸਿੰਘ (ਅੰਮ੍ਰਿਤਸਰ), ਸ਼ਹੀਦ ਸੁਰੈਣ ਸਿੰਘ ਵੱਡਾ (ਅੰਮ੍ਰਿਤਸਰ) ਅਤੇ ਸ਼ਹੀਦ ਸੁਰੈਣ ਸਿੰਘ ਛੋਟਾ (ਅੰਮ੍ਰਿਤਸਰ) ਨੂੰ ਵੀ ਯਾਦ ਕੀਤਾ ਹੈ।










ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

ਨਾਈ ਸਿੱਖ ਲੜਕਾ, 1988, ਕੱਦ 5 ਫੁਟ, 6 ਇੰਚ, ਕੈਨੇਡਾ ਪੀ.ਆਰ., ਆਪਣਾ ਕੰਮ, ਵੈਸ਼ਨੂੰ ਪਰਿਵਾਰ, ਸੁੰਦਰ ਅਤੇ ਕੈਨੇਡਾ ਪੀ.ਆਰ. ਲੜਕੀ ਦੀ ਲੋੜ। ਸੰਪਰਕ: 9041527924

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4’’ tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3’’, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300


ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2’’ ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# 5ਵੇਂ ਪੂਰਨਮਾਸ਼ੀ ਪੰਜਾਬੀ ਜੋੜ ਮੇਲੇ ਮੌਕੇ ਪੁਸਤਕ 'ਪੰਜਾਬੀਆਂ ਦਾ ਬਾਈ ਜਸਵੰਤ ਸਿੰਘ ਕੰਵਲ' ਦਾ ਮੁੱਖਬੰਦ

ਪ੍ਰਿੰਸੀਪਲ ਸਰਵਣ ਸਿੰਘ


ਜਸਵੰਤ ਸਿੰਘ ਕੰਵਲ ਸੌ ਸਾਲਾਂ ਦਾ ਹੋ ਗਿਐ। ਉਸ ਨੇ ਅੱਸੀ ਸਾਲਾਂ ਤੋਂ ਲਿਖਦੇ ਰਹਿਣ ਤੇ ਸੌ ਸਾਲਾਂ ਤੋਂ ਵੱਧ ਜਿਉਂਦੇ ਰਹਿਣ ਦਾ ਰਿਕਾਰਡ ਰੱਖ ਦਿੱਤੈ। ਉਹਦੇ ਵਿਚਾਰਾਂ ਨਾਲ ਕੋਈ ਸਹਿਮਤ ਹੋਵੇ ਜਾਂ ਨਾ, ਪਰ ਇਹ ਤੱਥ ਸਭ ਮੰਨਦੇ ਹਨ ਕਿ ਉਸ ਨੇ ਸਭ ਤੋਂ ਵੱਧ ਪੰਜਾਬੀ ਪਾਠਕ ਪੈਦਾ ਕੀਤੇ। ਪੰਜਾਬੀ ਭਾਸ਼ਾ ਤੇ ਸਾਹਿਤ ਨੂੰ ਉਸ ਦੀ ਵੱਡੀ ਦੇਣ ਹੈ। ਇਹ ਪੁਸਤਕ ਉਹਦੇ ਸ਼ਤਾਬਦੀ ਜਨਮ ਦਿਵਸ ਉਤੇ ਤੁੱਛ ਭੇਟਾ ਹੈ।

ਜੇ ਸੰਤ ਸਿੰਘ ਸੇਖੋਂ ਪੰਜਾਬੀ ਸਾਹਿਤ ਦਾ ਬੋਹੜ ਸੀ ਤਾਂ ਜਸਵੰਤ ਸਿੰਘ ਕੰਵਲ ਸਰੂ ਦਾ ਬੂਟਾ ਹੈ। ਉਹ ਵਗਦੀਆਂ 'ਵਾਵਾਂ ਦੇ ਵੇਗ ਵਿੱਚ ਝੂਮਦੈ। ਕਦੇ ਖੱਬੇ ਲਹਿਰਾਉਂਦੈ, ਕਦੇ ਸੱਜੇ ਤੇ ਕਦੇ ਵਾਵਰੋਲੇ ਵਾਂਗ ਘੁੰਮਦੈ। ਉਹਦਾ ਤਣਾ ਮਜ਼ਬੂਤ ਹੈ ਤੇ ਜੜ੍ਹਾਂ ਡੂੰਘੀਆਂ ਜਿਸ ਕਰਕੇ ਝੱਖੜ ਤੂਫ਼ਾਨ ਵੀ ਉਸ ਨੂੰ ਧਰਤੀ ਤੋਂ ਨਹੀਂ ਹਿਲਾ ਸਕੇ। ਉਹ ਵੇਗਮੱਤਾ ਲੇਖਕ ਹੈ ਤੇ ਲੋਹੜੇ ਦਾ ਉਪਭਾਵਕ। ਉਹਦੇ ਰੁਮਾਂਚਿਕ ਰਉਂ 'ਚ ਲਿਖੇ ਵਾਕ ਸਿੱਧੇ ਦਿਲਾਂ 'ਤੇ ਵਾਰ ਕਰਦੇ ਹਨ। ਉਸ ਨੇ ਹਜ਼ਾਰਾਂ ਸੰਵਾਦ ਰਚੇ ਜੋ ਨੌਜੁਆਨਾਂ ਦੀਆਂ ਡਾਇਰੀਆਂ ਉਤੇ ਚੜ੍ਹਦੇ ਰਹੇ। ਉਹਦੀ ਪ੍ਰੀਤ ਭਿੱਜੀ ਰੁਮਾਂਚਿਕ ਸ਼ੈਲੀ ਨੇ ਲੱਖਾਂ ਪਾਠਕ ਪੱਟੇ। ਡਾ। ਜਸਵੰਤ ਗਿੱਲ ਉਹਦੇ ਨਾਵਲ 'ਰਾਤ ਬਾਕੀ ਹੈ' ਦੀ ਪੱਟੀ ਢੁੱਡੀਕੇ ਆ ਬੈਠੀ ਸੀ।

ਨੋਟ: ਇਹ ਪੁਸਤਕ ਜਸਵੰਤ ਸਿੰਘ ਕੰਵਲ ਦੇ ਜਿਉਂਦੇ ਜੀਅ ਲਿਖੀ ਗਈ ਸੀ।

ਪੁਸਤਕ 'ਜੀਵਨ ਕਣੀਆਂ' ਤੋਂ 'ਧੁਰ ਦਰਗਾਹ' ਤਕ ਪੁੱਜਦਿਆਂ ਕੰਵਲ ਨੇ ਜੀਵਨ ਦੇ ਅਨੇਕਾਂ ਰੰਗ ਵੇਖੇ ਤੇ ਪਾਠਕਾਂ ਨੂੰ ਵਿਖਾਏ। ਚੜ੍ਹਦੀ ਜਵਾਨੀ ਵਿੱਚ ਉਹ ਹੀਰ ਗਾਉਂਦਾ, ਕਵਿਤਾ ਲਿਖਦਾ, ਸਾਧਾਂ ਸੰਤਾਂ ਤੇ ਵੈਲੀਆਂ ਬਦਮਾਸ਼ਾਂ ਦੀ ਸੰਗਤ ਕਰਦਾ, ਵੇਦਾਂਤ ਤੇ ਮਾਰਕਸਵਾਦ ਪੜ੍ਹਦਾ, ਸੱਜੇ ਖੱਬੇ ਕਾਮਰੇਡਾਂ ਤੇ ਨਕਸਲੀਆਂ ਦਾ ਹਮਦਰਦ ਬਣਦਾ, ਪ੍ਰੋ। ਕਿਸ਼ਨ ਸਿੰਘ ਦੇ ਨਿਤਾਰੇ ਮਾਰਕਸੀ ਨਜ਼ਰੀਏ ਤੋਂ ਸਿੱਖ ਇਨਕਲਾਬ ਵੱਲ ਮੋੜਾ ਪਾਉਂਦਾ, ਸਿੱਖ ਹੋਮਲੈਂਡ ਦਾ ਸਮੱਰਥਣ ਕਰਦਾ, ਖਾੜਕੂਆਂ ਦਾ ਹਮਦਰਦ ਬਣ ਗਿਆ। ਸਿਆਸੀ ਨੇਤਾਵਾਂ ਨੂੰ ਖੁੱਲ੍ਹੀਆਂ ਚਿੱਠੀਆਂ ਲਿਖਦਾ ਪੰਥ-ਪੰਥ ਤੇ ਪੰਜਾਬ-ਪੰਜਾਬ ਕੂਕਣ ਲੱਗ ਪਿਆ। ਅਖ਼ੀਰ ਉਹ 'ਪੰਜਾਬ ਤੇਰਾ ਕੀ ਬਣੂੰ?' ਦੇ ਝੋਰੇ ਝੁਰਨ ਲੱਗ ਪਿਐ।

9 ਦਸੰਬਰ 2018 ਨੂੰ ਮੈਂ ਉਹਨੂੰ ਮਿਲਣ ਗਿਆ ਤਾਂ ਉਹ ਚੜ੍ਹਦੀ ਕਲਾ 'ਚ ਮਿਲਿਆ। ਸਰੀਰ ਭਾਵੇਂ ਕੁੱਝ ਝੰਵਿਆਂ ਲੱਗਾ ਪਰ 'ਮੈਂ ਕਾਇਮ ਹਾਂ' ਦੇ ਬੋਲ ਗੜ੍ਹਕਵੇਂ ਲੱਗੇ। ਪੜ੍ਹਨ ਲਿਖਣ ਵਾਲੇ ਕਮਰੇ ਵਿੱਚ ਉਹਦੀਆਂ ਫੋਟੋਆਂ ਵਿਚਕਾਰ ਡਾ। ਜਸਵੰਤ ਗਿੱਲ ਦੀ ਫੋਟੋ ਵੀ ਲੱਗੀ ਹੋਈ ਸੀ। ਕੋਠੀ ਉਵੇਂ ਹੀ ਸੀ ਪਰ ਡਾ। ਜਸਵੰਤ ਗਿੱਲ ਦੀ ਜੀ ਆਇਆਂ ਕਹਿਣ ਵਾਲੀ ਮੁਸਕਰਾਹਟ ਉਥੇ ਨਹੀਂ ਸੀ।




ਉਹਦੀ ਸਿਹਤ ਹਾਲੇ ਠੀਕ ਠਾਕ ਹੈ। ਦਿਸਦਾ ਸਾਫ ਹੈ ਪਰ ਸੁਣਦਾ ਉੱਚਾ। ਕੋਈ ਹਾਲ ਚਾਲ ਪੁੱਛੇ ਤਾਂ ਆਖਦੈ, "ਮੇਰਾ ਤਾਂ ਚੰਗਾ ਪਰ ਪੰਜਾਬ ਦਾ ਮਾੜੈ।"

5 ਜਨਵਰੀ 2019 ਨੂੰ ਮੈਂ ਫਿਰ ਮਿਲਣ ਗਿਆ ਤਾਂ ਉਹ ਇਹੋ ਸ਼ਿਅਰ ਦੁਹਰਾਈ ਗਿਆ:

ਹਮ ਜੋ ਗਏ ਤੋ ਰਾਹ ਗੁਜ਼ਰ ਨਾ ਥੀ
ਤੁਮ ਜੋ ਆਏ ਤੋ ਮੰਜ਼ਲੇਂ ਲਾਏਂ ...

ਰਾਤ ਮੈਂ ਉਹਦੇ ਕੋਲ ਰਿਹਾ। ਸਵੇਰੇ ਉਹਦੀ ਹੱਥ ਲਿਖਤ ਦੀ ਨਿਸ਼ਾਨੀ ਵਜੋਂ ਇੱਕ ਕਾਗਜ਼ ਮੇਜ਼ ਤੋਂ ਚੁੱਕ ਲਿਆ ਜੋ ਉਸ ਨੇ ਤਾਜ਼ਾ ਹੀ ਲਿਖਿਆ ਸੀ। ਉਹ ਪੁਰਾਣੇ ਪੈਡ ਦਾ ਅੱਧਾ ਵਰਕਾ ਸੀ। ਮੈਂ ਤਹਿ ਕਰ ਕੇ ਬਟੂਏ 'ਚ ਪਾ ਲਿਆ। ਉਸ ਉਤੇ ਲਿਖੀ ਪਹਿਲੀ ਸਤਰ ਹੈ: ਕਾਲੀ ਗਾਨੀ ਮਿੱਤਰਾਂ ਦੀ, ਗਲ ਪਾ ਕੇ ਲੱਖਾਂ ਦੀ ਹੋ ਜਾਹ। ਦੂਜੀ ਸਤਰ ਹੈ: ਛੋਟੀਆਂ ਲੜਾਈਆਂ ਬੰਦ। ਚੜ੍ਹਦੀ ਕਲਾ ਬੁਲੰਦ! ਤੇ ਤੀਜੀ ਸਤਰ ਹੈ: ਸ਼ਕਤੀ ਬੰਦੇ ਨੂੰ ਲਲਕਾਰਦੀ ਹੈ; ਤੇਰੀ ਆਈ ਮੈਂ ਮਰ ਜਾਂ, ਤੇਰਾ ਵਾਲ ਵਿੰਗਾ ਨਾ ਹੋਵੇ। ਕਾਗਜ਼ ਦੇ ਦੋਹੀਂ ਪਾਸੀਂ ਵੀਹ ਕੁ ਸਤਰਾਂ ਹਨ ਜਿਨ੍ਹਾਂ ਦਾ ਇੱਕ ਦੂਜੀ ਨਾਲ ਕੋਈ ਤਾਲ ਮੇਲ ਨਹੀਂ।

ਉਸ ਨੂੰ ਲਿਖਣ ਦੀ ਪ੍ਰੇਰਨਾ ਗੁਰਬਾਣੀ, ਵਾਰਸ ਦੀ ਹੀਰ, ਸੂਫੀ ਕਵਿਤਾ ਤੇ ਲੋਕ ਗੀਤਾਂ ਤੋਂ ਮਿਲੀ ਸੀ। ਪ੍ਰੋ। ਪੂਰਨ ਸਿੰਘ, ਵਿਕਟਰ ਹਿਊਗੋ, ਚਾਰਲਸ ਡਿਕਨਜ਼, ਬਾਲਜ਼ਾਕ ਤੇ ਟਾਲਸਟਾਏ ਆਦ ਲੇਖਕਾਂ ਤੋਂ ਪ੍ਰਭਾਵਿਤ ਹੋਇਆ। ਉਹ ਭਾਵੇਂ ਦਸਵੀਂ 'ਚ ਅੜ ਗਿਆ ਸੀ ਪਰ ਲਿਖਣ 'ਚ ਏਨਾ ਅੱਗੇ ਵਧਿਆ ਕਿ ਉਸ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਡੀ। ਲਿੱਟ। ਦੀ ਆਨਰੇਰੀ ਡਿਗਰੀ ਦੇ ਕੇ ਸਨਮਾਨਿਆ। ਪੰਜਾਬ ਸਰਕਾਰ ਨੇ ਸਾਹਿਤ ਰਤਨ ਦਾ ਖ਼ਿਤਾਬ ਦਿੱਤਾ। ਪੰਜਾਬੀ ਸਾਹਿਤ ਅਕਾਡਮੀ ਤੇ ਭਾਰਤੀ ਸਾਹਿਤ ਅਕਾਡਮੀ ਨੇ ਵੀ ਆਪੋ ਆਪਣੇ ਅਵਾਰਡ ਦਿੱਤੇ। ਉਸ ਨੂੰ ਸਰਵਸ੍ਰੇਸ਼ਟ ਪੁਰਸਕਾਰ ਨਾਲ ਵਡਿਆਇਆ ਗਿਆ। ਸੈਮਸੰਗ ਕੰਪਨੀ ਨੇ ਸਾਹਿਤ ਅਕਾਡਮੀ ਦਿੱਲੀ ਰਾਹੀਂ ਟੈਗੋਰ ਯਾਦਗਾਰੀ ਅਵਾਰਡ ਦਿੱਤਾ।

ਉਸ ਨੇ ਢੁੱਡੀਕੇ ਦੀ ਸਰਪੰਚੀ ਤੋਂ ਲੈ ਕੇ ਕੇਂਦਰੀ ਪੰਜਾਬੀ ਲੇਖਕ ਸਭਾ ਦੀ ਜਨਰਲ ਸਕੱਤਰੀ, ਪ੍ਰਧਾਨਗੀ ਤੇ ਸਰਪ੍ਰਸਤੀ ਕੀਤੀ। ਪੰਜਾਬੀ ਕਨਵੈਨਸ਼ਨਾਂ ਦਾ ਕਨਵੀਨਰ ਰਿਹਾ। ਇੰਗਲੈਂਡ ਵਿੱਚ ਪਹਿਲੀ ਵਿਸ਼ਵ ਪੰਜਾਬੀ ਕਾਨਫਰੰਸ ਕਰਾਉਣ ਵਾਲਿਆਂ 'ਚ ਮੋਹਰੀ ਸੀ। ਪੰਜਾਬੀ ਨੂੰ ਦੇਵਨਾਗਰੀ ਲਿੱਪੀ ਵਿੱਚ ਲਿਖਣ ਅਤੇ ਹਿੰਦੀ ਸੰਸਕ੍ਰਿਤ ਦੀ ਸ਼ਬਦਾਵਲੀ 'ਚ ਖਚਤ ਹੋਣ ਤੋਂ ਬਚਾਇਆ। ਭਾਸ਼ਾ ਵਿਭਾਗ ਪੰਜਾਬ ਦੇ ਬੋਰਡ ਦਾ ਸਲਾਹਕਾਰ ਤੇ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਮੈਂਬਰ ਰਿਹਾ। ਸਾਹਿਤ ਟ੍ਰੱਸਟ ਢੁੱਡੀਕੇ ਤਾਂ ਹੈ ਹੀ ਉਹਦਾ, ਜਿਸ ਨੇ ਸੌ ਦੇ ਕਰੀਬ ਲੇਖਕਾਂ ਨੂੰ ਅਵਾਰਡ ਦਿੱਤੇ। ਉਹ ਹੋਰ ਵੀ ਬਹੁਤ ਕੁੱਝ ਹੈ ਜੋ ਇਸ ਪੁਸਤਕ ਵਿਚੋਂ ਪੜ੍ਹਿਆ ਜਾ ਸਕਦੈ।


ਧੰਨਵਾਦੀ ਹਾਂ ਪੀਪਲਜ਼ ਫੌਰਮ ਬਰਗਾੜੀ ਦਾ, ਜਿਸ ਨੇ ਇਹ ਪੁਸਤਕ ਲਿਖਵਾਈ ਤੇ ਪ੍ਰਕਾਸ਼ਿਤ ਕੀਤੀ। ਬਾਈ ਕੰਵਲ ਦੀ ਤੰਦਰੁਸਤੀ ਤੇ ਲੰਮੀ ਉਮਰ ਲਈ ਸ਼ੁਭ ਦੁਆਵਾਂ!

-ਸਰਵਣ ਸਿੰਘ, ਜੂਨ, 2019, ਬਰੈਂਪਟਨ, ਕੈਨੇਡਾ

ਨੋਟ: ਇਹ ਪੁਸਤਕ ਕੰਵਲ ਦੇ ਸ਼ਤਾਬਦੀ ਜਨਮ ਦਿਵਸ 'ਤੇ ਪਹਿਲੇ ਪੂਰਨਮਾਸ਼ੀ ਪੰਜਾਬੀ ਜੋੜ ਮੇਲੇ 'ਚ ਰਿਲੀਜ਼ ਹੋਈ ਸੀ। ਕੰਵਲ ਦਾ ਜਨਮ 27 ਜੂਨ 1919 ਨੂੰ ਢੁੱਡੀਕੇ ਵਿਖੇ ਹੋਇਆ ਤੇ ਦੇਹਾਂਤ 1 ਫਰਵਰੀ 2020 ਨੂੰ ਢੁੱਡੀਕੇ ਵਿਖੇ ਹੀ ਹੋਇਆ। 17 ਤੋਂ 19 ਨਵੰਬਰ 2023 ਤਕ ਢੁੱਡੀਕੇ ਵਿਖੇ ਹੋ ਰਹੇ 5ਵੇਂ ਪੂਰਨਮਾਸ਼ੀ ਪੰਜਾਬੀ ਜੋੜ ਮੇਲੇ 'ਚ ਪਧਾਰਨ ਦਾ ਸਭਨਾਂ ਨੂੰ ਖੁੱਲ੍ਹਾ ਸੱਦਾ ਹੈ। ਪਾਠਕ ਅਕਸਰ ਪੁਸਤਕ ਬਾਰੇ ਪੁੱਛਦੇ ਰਹਿੰਦੇ ਹਨ।

# 'ਮਨਿ ਜੀਤੈ ਜਗੁ ਜੀਤ', ਆਪਣੀਆਂ ਇੱਛਾਵਾਂ ਉਤੇ ਕੰਟਰੋਲ ਕਰਕੇ ਮਨ ਨੂੰ ਜਿੱਤਿਆ ਜਾ ਸਕਦਾ !

ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਉਚਾਰਨ ਕੀਤੀ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਰਚਨਾ 'ਜਪੁ ਜੀ ਸਾਹਿਬ ' ਵਿੱਚ ਸ਼ਾਮਲ ਇਸ ਤੁਕ ਵਿੱਚ ਮਨੁੱਖੀ ਜੀਵਨ ਦੀ ਇੱਕ ਅਟੱਲ ਸੱਚਾਈ ਨੂੰ ਪੇਸ਼ ਕੀਤਾ ਗਿਆ ਹੈ। ਮਨ ਮਨੁੱਖੀ ਸਰੀਰਕ ਢਾਂਚੇ ਨੂੰ ਚਲਾਉਂਦਾ ਹੈ। ਮਨ ਚੰਚਲ ਹੈ। ਇਹ ਭਟਕਦਾ ਹੀ ਰਹਿੰਦਾ ਹੈ। ਇਹ ਮਨ ਹੀ ਹੈ ਜਿਸ ਵਿੱਚ ਸਾਡੀਆਂ ਇੱਛਾਵਾਂ, ਲਾਲਸਾਵਾਂ, ਉਮੰਗਾਂ ਤੇ ਸਧਰਾਂ ਪਲਦੀਆਂ ਹਨ। ਮਨ ਦੇ ਹੁਕਮ ਅਨੁਸਾਰ ਹੀ ਸਾਡੀਆਂ ਗਿਆਨ ਇੰਦਰੀਆਂ ਕੰਮ ਕਰਦੀਆਂ ਹਨ। ਗੁਰੂ ਜੀ ਅਨੁਸਾਰ ਜਿਹੜਾ ਮਨੁੱਖ ਆਪਣੇ ਮਨ ਨੂੰ ਜਿੱਤ ਲੈਂਦਾ ਹੈ ਉਹ ਸਾਰੀ ਦੁਨੀਆ ਨੂੰ ਜਿੱਤ ਸਕਦਾ ਹੈ। ਇੰਜ ਜੋ ਮਨੁੱਖ ਆਪਣੇ ਮਨ ਦੀਆਂ ਭਾਵਨਾਵਾਂ 'ਤੇ ਕਾਬੂ ਪਾ ਲੈਂਦਾ ਹੈ, ਉਹ ਹੀ ਆਪਣਾ ਜੀਵਨ ਸਫਲ ਕਰ ਸਕਦਾ ਹੈ। ਮਨੁੱਖੀ ਮਨ ਇੱਕ ਬੇਲਗਾਮ ਘੋੜੇ ਵਰਗਾ ਹੁੰਦਾ ਹੈ ਜੋ ਮੋਹ-ਮਾਇਆ ਦੇ ਜਾਲ ਵਿੱਚ ਫਸ ਕੇ ਭਟਕਦਾ ਰਹਿੰਦਾ ਹੈ। ਬੇਕਾਬੂ ਮਨ ਮਨੁੱਖ ਨੂੰ ਉਹ ਕੰਮ ਕਰਨ ਲਈ ਵੀ ਮਜਬੂਰ ਕਰਦਾ ਹੈ, ਜਿਨ੍ਹਾਂ ਦੀ ਸਮਾਜ ਆਗਿਆ ਨਹੀਂ ਦਿੰਦਾ। ਬੁਰੇ ਕੰਮਾਂ ਦਾ ਨਤੀਜਾ ਤਾਂ ਬੁਰਾ ਹੀ ਹੁੰਦਾ ਹੈ। ਇਸ ਲਈ ਜਦੋਂ ਵੀ ਇਨਸਾਨ ਇਸ ਬੁਰਾਈ ਦੀ ਦਲਦਲ



ਵਿਚ ਫ਼ਸਦਾ ਹੈ ਤਾਂ ਉਹ ਕਦੀ ਵੀ ਅੱਛਾਈ ਦੇ ਰਸਤੇ ਤੇ ਨਹੀਂ ਚੱਲ ਸਕਦਾ। ਅਸਲ ਵਿੱਚ ਮਨੁੱਖ ਇੱਕ ਸਮਾਜਕ ਜੀਵ ਹੈ ਤੇ ਇਸ ਨੂੰ ਸਮਾਜ ਦੇ ਕਲਿਆਣ ਲਈ ਹੀ ਆਪਣੇ ਆਪ ਨੂੰ ਸਮਰਪਿਤ ਕਰਨਾ ਚਾਹੀਦਾ ਹੈ। ਮਨ 'ਤੇ ਕਾਬੂ ਪਾਉਣ ਨਾਲ ਹੀ ਜੀਵਨ ਵਿੱਚ ਸ਼ਾਂਤੀ ਤੇ ਸੰਤੋਖ ਪ੍ਰਾਪਤ ਹੁੰਦਾ ਹੈ। ਬੇਸ਼ੱਕ ਮਨ ਨੂੰ ਜਿੱਤਣਾ ਬੜਾ ਹੀ ਔਖਾ ਹੈ ਪਰ ਮਨ 'ਤੇ ਕਾਬੂ ਪਾਉਣ ਵਾਲਾ ਮਨੁੱਖ ਜਦੋਂ ਦੂਸਰਿਆਂ ਦੇ ਸੁਖਾਂ ਵਿੱਚੋਂ ਆਪਣਾ ਸੁਖ ਤੇ ਦੂਸਰਿਆਂ ਦੇ ਦੁੱਖਾਂ ਵਿੱਚੋਂ ਆਪਣਾ ਦੁੱਖ ਅਨੁਭਵ ਕਰਨ ਲੱਗਦਾ ਹੈ ਤਾਂ ਉਸ ਵਿੱਚ 'ਮੈਂ' ਮਰ ਚੁੱਕੀ ਹੁੰਦੀ ਹੈ। ਇਸ ਤਰ੍ਹਾਂ ਗੁਰੂ ਦੀ ਸਿੱਖਿਆ 'ਤੇ ਚੱਲ ਕੇ ਮਨ ਦੀ ਭਟਕਣਾ 'ਤੇ ਕਾਬੂ ਪਾਇਆ ਜਾ ਸਕਦਾ ਹੈ। ਇੰਜ ਮਨ 'ਤੇ ਕਾਬੂ ਪਾ ਕੇ ਜੀਵਨ ਗੁਜ਼ਾਰਨ ਵਾਲਾ ਮਨੁੱਖ ਦੁਨਿਆਵੀ ਪਦਾਰਥਾਂ ਦੇ ਮੋਹ 'ਤੇ ਵਿਕਾਰਾਂ ਤੋਂ ਕੋਹਾਂ ਦੂਰ ਹੁੰਦਾ ਹੈ।ਦੁੱਖਾਂ ਤੋਂ ਛੁਟਕਾਰਾ ਪਾਉਣ ਤੇ ਜ਼ਿੰਦਗੀ ਵਿੱਚ ਤਰੱਕੀ ਪਾਉਣ ਲਈ ਮਨ 'ਤੇ ਕਾਬੂ ਪਾਉਣ ਦੀ ਲੋੜ ਹੈ। ਜੋ ਮਨੁੱਖ ਕੁਦਰਤ ਦੇ ਭਾਣੇ ਅਨੁਸਾਰ ਚੱਲ ਕੇ ਆਪਣੀਆਂ ਇੱਛਾਵਾਂ ਨੂੰ ਸੀਮਿਤ ਘੇਰੇ ਵਿੱਚ ਰੱਖਦਾ ਹੈ ਉਹ ਹਮੇਸ਼ਾ ਸੁੱਖੀ ਰਹਿੰਦਾ ਹੈ। ਸਬਰ-ਸੰਤੋਖ ਨਾਲ ਜੀਵਨ ਗੁਜ਼ਾਰਨ ਵਾਲੇ ਅਜਿਹੇ ਮਨੁੱਖ ਦੀ ਸਥਿਤੀ ਦੁਨੀਆ ਜਿੱਤ ਲੈਣ ਵਾਲੀ ਹੀ ਹੁੰਦੀ ਹੈ। ਅਜਿਹੇ ਮਨੁੱਖ ਨੇ ਹਰ ਪ੍ਰਕਾਰ ਦੇ ਵਿਕਾਰਾਂ 'ਤੇ ਜਿੱਤ ਪ੍ਰਾਪਤ ਕਰ ਲਈ ਹੁੰਦੀ ਹੈ।ਮਨ ਨੂੰ ਜਿੱਤਣ ਤੋਂ ਭਾਵ ਸਾਡੇ ਸਰੀਰ ਦੀਆਂ ਸਭ ਇੱਛਾਵਾਂ ਨੂੰ ਜਿਵੇਂ ਮੂੰਹ ਦਾ ਸੁਆਦ ਜਾਂ ਚੰਗਾ ਪਹਿਨਣ ਆਦਿ ਵਰਗੀਆਂ ਇੱਛਾਵਾਂ ਨੂੰ ਵੱਸ ਵਿਚ ਕਰਨ ਦੀ ਲੋੜ ਹੈ। ਮਨ ਸਭ ਪਾਸੇ ਬੁਰੇ ਕੰਮਾਂ ਲਈ ਉਕਸਾਂਦਾ ਹੈ ਤਾਂ ਮਨੁੱਖ ਆਪਣੇ ਧਨ, ਜਵਾਨੀ ਜਾਂ ਤਾਕਤ ਵਿਚ ਹੰਕਾਰਿਆ ਜਾਂਦਾ ਹੈ। ਮਨ ਨੂੰ ਜਿੱਤ ਕੇ ਇਸ ਹੰਕਾਰ ਤੇ ਕਾਬੂ ਪਾਇਆ ਜਾ ਸਕਦਾ ਹੈ। ਸੰਤੋਖ ਜਾਂ ਸਬਰ ਰੂਪੀ ਵਰਦਾਨ ਜਿਸ ਨੂੰ ਪ੍ਰਾਪਤ ਹੋ ਜਾਂਦਾ ਹੈ ਉਹ ਵਿਅਕਤੀ ਆਪਣੀਆਂ ਪ੍ਰਾਪਤੀਆਂ ਤੇ ਅਪ੍ਰਾਪਤੀਆਂ ਤੋਂ ਕਦੀ ਵੀ ਅਸੰਤੁਸ਼ਟ ਨਹੀਂ ਰਹਿੰਦਾ। ਕਾਮ ਕ੍ਰੋਧ ਲੋਭ ਮੋਹ ਹੰਕਾਰ ਵਰਗੇ ਵਿਸ਼ੇ ਵਿਕਾਰਾਂ ਤੇ ਕਾਬੂ ਪਾਉਣਾ ਵੀ ਮਨ ਜਿੱਤਣ ਅਤੇ ਸੰਸਾਰ ਤੇ ਜਿੱਤ ਪ੍ਰਾਪਤ ਕਰਨ ਵਰਗਾ ਹੀ ਹੁੰਦਾ ਹੈ। ਮਨ ਦੀ ਸਥਿਤੀ ਤੇ ਕਾਬੂ ਪਾਉਣ ਲਈ ਬਾਹਰ ਜੰਗਲਾਂ ਵਿੱਚ ਜਾ ਕੇ ਤਪੱਸਿਆ ਕਰਨ ਦੀ ਜਰੂਰਤ ਨਹੀਂ ਸਗੋਂ ਗ੍ਰਹਿਸਥੀ ਸੰਤੁਲਿਤ ਅਤੇ ਸਧਾਰਨ ਜੀਵਨ ਜਿਉਂਦੇ ਹੋਏ ਆਪਣੀਆਂ ਇੱਛਾਵਾਂ ਉੱਤੇ ਕੰਟਰੋਲ ਕਰਕੇ ਮਨ ਨੂੰ ਜਿੱਤਿਆ ਜਾ ਸਕਦਾ ਹੈ । ਇਸੇ ਲਈ ਕਿਹਾ ਜਾਂਦਾ ਹੈ ਕਿ ਜਿਸ ਮਨੁੱਖ ਨੇ ਆਪਣੇ ਮਨ ਨੂੰ ਜਿੱਤ ਲਿਆ ਹੈ ਉਸ ਨੇ ਸਾਰੇ ਸੰਸਾਰ ਨੂੰ ਜਿੱਤ ਲਿਆ ਹੈ।

*-ਲੈਕਚਰਾਰ ਲਲਿਤ ਗੁਪਤਾ*
*ਮੰਡੀ ਅਹਿਮਦਗੜ੍ਹ।*
*9781590500*

URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777

e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

Brampton Ontario (108 Toba Cres)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਸੋਹਣਾ ਜਿਹਾ ਘਰ, ਹਾਈਵੇ 410 ਦੇ ਬਿਲਕੁਲ ਨਜ਼ਦੀਕ, ਘਰ ਵਿਚ 3 ਬੈਡਰੂਮ ਅਤੇ 4 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ, 1+1 ਕਿਚਨ, ਮੇਨ ਅਤੇ ਦੂਜੀ ਮੰਜ਼ਲ ਦੇ ਫਲੋਰ ਲੈਮੀਨੇਟਡ ਹਨ, ਮਾਸਟਰ ਬੈਡਰੂਮ ਵਿਚ 4 ਪੀਸੀ ਇਨਸੂਟ ਅਤੇ ਵਾਕਿੰਗ ਕਲੋਜ਼ਟ, ਚਾਰਦਿਵਾਰੀ ਦੇ ਨਾਲ ਯਾਰਡ, ਗਰਾਜ ਤੋਂ ਬੈਕਯਾਰਡ ਤੱਕ ਦਰਵਾਜੇ ਦੀ ਇੰਟਰੈਂਸ, ਪਾਰਕ, ਸਕੂਲ ਅਤੇ ਪਲਾਜ਼ਾ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

Brampton Ontario (30 Gardenbrooke Tr)



ਖ਼ੂਬਸੂਰਤ ਡਿਟੈਚਡ ਘਰ, ਜਿਸ ਵਿਚ 4+2 ਬੈਡਰੂਮ + ਲੌਫਟ + 5 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ ਅਲੱਗ ਇੰਟਰੈਂਸ ਦੇ ਨਾਲ, 1+1 ਕਿਚਨ, ਸਾਰੇ ਬੈਡਰੂਮਜ਼ ਵਿਚ ਲੈਮੀਨੇਟਡ ਫਲੋਰ, ਪ੍ਰਾਇਮਰੀ ਬੈਡਰੂਮ ਵਿਚ 5 ਪੀਸੀ ਇਨਸੂਟ ਅਤੇ ਵਾਕ ਇਨ ਕਲੋਜ਼ਟ, ਦੋ ਮਾਸਟਰ ਬੈਡਰੂਮ, ਪਾਠ/ਪੂਜਾ ਲਈ ਸਥਾਨ, ਚਾਰਦਿਵਾਰੀ ਦੇ ਨਾਲ ਯਾਰਡ, ਸਕੂਲ, ਪਾਰਕ ਅਤੇ ਪਬਲਿਕ ਟਰਾਂਜ਼ਿਟ ਦੇ ਨੇੜੇ ਅਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

REXDALE BODY SHOP

USED CAR SALE



CHEEMA

Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779

RENTAL CAR PROVIDED



25 years of Canadian Experience
OPEN MON - SAT 9AM TO 7PM

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

LOWEST PRICE IN TOWN

Call Rick or Manminder Cheema: 416.749.9596 /416.951.6431

Towing Service Car Paint Starts $799* upto 100% Deductible Paid*

30 Racine Rd. Toronto, ON, M9W 2Z3, FAX: 416.749.9597

www.AAABODYSHOP.ca
mcheemaaaa@hotmail.com

Dr. Randhawa Dentistry



Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044






Grand Upholstery Ltd

Sofa Company Originality in Every Piece

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

Special on Sale

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com


LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY
WELCOME TO ALBERTA
H.K. MOVERS
LOCAL & LONG DISTANCE
416-524-6704
WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023
ThreeBest Rated
Excellence
Call: 416.524.6704
www.hkmovers.ca
2023
ThreeBest Rated
Certificate OF EXCELLENCE
THREE BEST RATED
SAFE, RELIABLE AND EFFICIENT SERVICE AT THE BEST RATES


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017